




ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ, 16 ਦਸੰਬਰ 2024

Email:- lokbani08@gmail.com








R. N. I. Punpun/29016/2008 ✶ ਸਾਲ 16 , ✶ ਅੰਕ : 126, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111







## ਕੈਨੇਡਾ ਦੇ ਵਿਦਿਆਰਥੀਆਂ ਲਈ ਸਰਕਾਰ ਹੋਣ ਲੱਗੀ ਸਖਤ

**ਵੈਨਕੂਵਰ,, ਲੋਕ ਬਾਣੀ-** ਕੈਨੇਡਾ ਆਏ ਕੌਮਾਂਤਰੀ ਵਿਦਿਆਰਥੀਆਂ ਨੂੰ ਆਈਆਰਸੀਸੀ (ਅਵਾਸ ਵਿਭਾਗ) ਵਲੋਂ ਕੁਝ ਦਿਨਾਂ ਤੋਂ ਆਈਆਂ ਈਮੇਲ ਰਾਹੀਂ ਆਪਣੇ ਦਸਤਾਵੇਜ਼ਾਂ ਸਮੇਤ ਪੜ੍ਹਾਈ ਦੇ ਸਥਾਨ, ਉੱਥੋਂ ਦੀਆਂ ਹਾਜ਼ਰੀਆਂ ਅਤੇ ਕੰਮ ਦੇ ਸਥਾਨਾਂ ਆਦਿ ਦੀ ਜਾਣਕਾਰੀ ਭੇਜਣ ਦੇ ਦਿੱਤੇ ਗਏ ਹੁਕਮਾਂ ਨੇ ਪੰਜਾਬੀ ਵਿਦਿਆਰਥੀਆਂ 'ਚ ਹਾਹਾਕਾਰ ਮਚਾ ਕੇ ਰੱਖ ਦਿੱਤੀ ਹੈ। ਬੇਸ਼ੱਕ ਵਿਭਾਗ ਦੇ ਬੁਲਾਰੇ ਜਾਂ ਮੰਤਰੀ ਵਲੋਂ ਇਸ ਬਾਰੇ ਅਜੇ ਕੋਈ ਵੀ




ਅਧਿਕਾਰਤ ਬਿਆਨ ਨਹੀਂ ਆਇਆ, ਪਰ ਵਿਭਾਗ ਦੇ ਸੂਤਰਾਂ ਨੇ ਗੈਰਰਸਮੀ ਗੱਲਬਾਤ ਵਿੱਚ ਕਿਹਾ ਕਿ ਪੁੱਛਗਿੱਛ ਆਮ ਰੁਟੀਨ ਦਾ ਹਿੱਸਾ ਹੈ।

## ਕੱਟੜਾ- ਵੈਸਨੂ ਦੇਵੀ ਰੋਪਵੇਅ ਪ੍ਰਾਜੈਕਟ ਦਾ ਵਿਰੋਧ ਸ਼ੁਰੂ

**ਜੰਮੂ, ਲੋਕ ਬਾਣੀ -** ਮਾਤਾ ਵੈਸ਼ਨੂ ਦੇਵੀ ਨੂੰ ਜਾਂਦੇ ਰਾਹ (ਟਰੈਕ) ਉੱਤੇ ਰੋਪਵੇਅ ਲਾਉਣ ਦੇ ਫੈਸਲੇ ਖਿਲਾਫ਼ ਸੈਂਕੜੇ ਲੋਕਾਂ ਨੇ ਅੱਜ ਇਥੇ ਕੱਟੜਾ ਦੇ ਮੁੱਖ ਬਾਜ਼ਾਰ ਵਿਚ ਸ਼ਰਾਈਨ ਬੋਰਡ ਖਿਲਾਫ਼ ਕੱਢੀ ਰੈਲੀ ਵਿਚ ਸ਼ਮੂਲੀਅਤ ਕੀਤੀ। ਕੱਟੜਾ, ਜੰਮੂ ਕਸ਼ਮੀਰ ਦੇ ਰਿਆਸੀ ਜ਼ਿਲ੍ਹੇ ਵਿਚ ਪੈਂਦੇ ਮਾਤਾ ਵੈਸ਼ਨੂ ਦੇਵੀ ਮੰਦਰ ਨੂੰ ਜਾਣ ਲਈ ਬੇਸ ਕੈਂਪ ਹੈ। ਸ਼ਾਲੀਮਾਰ ਪਾਰਕ ਤੋਂ ਸ਼ੁਰੂ ਹੋਈ ਰੈਲੀ ਵਿਚ ਸਾਬਕਾ ਮੰਤਰੀ ਜੁਗਲ ਕਿਸ਼ੋਰ ਸ਼ਰਮਾ ਨੇ ਵੀ ਸ਼ਮੂਲੀਅਤ ਕੀਤੀ। ਬੱਸ ਅੱਡੇ ਉੱਤੇ ਜਾ ਕੇ ਸਮਾਪਤ ਹੋਈ



ਰੈਲੀ ਵਿੱਚ ਸ਼ਾਮਲ ਲੋਕਾਂ ਨੇ ਮੰਗ ਕੀਤੀ ਕਿ ਰੋਪਵੇਅ ਪ੍ਰਾਜੈਕਟ ਦਾ ਵਿਰੋਧ ਕਰਨ ਵਾਲੇ ਪ੍ਰਦਰਸ਼ਨਕਾਰੀਆਂ ਤੇ ਪੁਲੀਸ ਵਿਚਾਲੇ ਹੋਈ ਝੜਪ ਮਗਰੋਂ ਪਿਛਲੇ ਮਹੀਨੇ ਦਰਜ ਕੇਸ ਦੇ ਸਬੰਧ ਵਿਚ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਨੂੰ ਰਿਹਾਅ ਕੀਤਾ ਜਾਵੇ।

## ਸ਼ੀਤ ਲਹਿਰ ਦਾ ਪ੍ਰਕੋਪ ਉੱਤਰ ਭਾਰਤ ਵਿਚ ਹੋਇਆ ਤੇਜ਼

**ਦਿੱਲੀ, ਲੋਕ ਬਾਣੀ-**ਉੱਤਰੀ ਅਤੇ ਪੱਛਮੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਅੱਜ ਦਿੱਲੀ, ਪੰਜਾਬ ਅਤੇ ਰਾਜਸਥਾਨ ਵਿੱਚ ਪਾਰਾ ਕਈ ਡਿਗਰੀ ਹੇਠਾਂ ਡਿੱਗਣ ਨਾਲ ਠੰਡ ਦਾ ਮੌਸਮ ਬਣਿਆ ਰਿਹਾ। ਘੱਟੋ-ਘੱਟ ਤਾਪਮਾਨ ਵਧਣ ਨਾਲ ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੇ ਉੱਚੇ ਇਲਾਕਿਆਂ ਨੂੰ ਠੰਡ ਤੋਂ ਕੁਝ ਰਾਹਤ ਮਿਲੀ ਹੈ। ਉਂਝ ਇਹ ਰਾਹਤ ਆਰਜ਼ੀ ਹੈ ਕਿਉਂਕਿ ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨਾਂ ਵਿੱਚ ਵਾਦੀ ਦੇ ਕੁਝ ਹਿੱਸਿਆਂ ਵਿੱਚ ਸੀਤ ਲਹਿਰ



ਦੀ ਪੇਸ਼ੀਨਗੋਈ ਕੀਤੀ ਹੈ। ਭਾਰਤੀ ਮੌਸਮ ਵਿਭਾਗ ਮੁਤਾਬਕ ਕੌਮੀ ਰਾਜਧਾਨੀ ਦਿੱਲੀ ਦਾ ਘੱਟੋ-ਘੱਟ ਤਾਪਮਾਨ 4.9 ਡਿਗਰੀ ਸੈਲਸੀਅਸ ਤੱਕ ਡਿੱਗ ਗਿਆ, ਜੋ ਕਿ ਆਮ ਨਾਲੋਂ 3.1 ਡਿਗਰੀ ਘੱਟ ਹੈ।

## ਡੱਲੇਵਾਲ ਨੂੰ ਮਿਲਣ ਲਈ ਕਈ ਵੱਡੀਆਂ ਹਸਤੀਆਂ ਪਹੁੰਚਿਆ

**ਸ਼ੁਤਰਾਣਾ, ਲੋਕ ਬਾਣੀ-**ਢਾਬੀਗੁੱਜਰਾਂ (ਖਨੌਰੀ) ਸਰਹੱਦ ਉੱਤੇ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮਿਲਣ ਲਈ ਸਾਬਕਾ ਉਲੰਪੀਅਨ ਅਤੇ ਕਾਂਗਰਸ ਪਾਰਟੀ ਦੇ ਵਿਧਾਇਕ ਪਰਗਟ ਸਿੰਘ ਢਾਬੀਗੁੱਜਰਾਂ ਬਾਰਡਰ ਉੱਤੇ ਚੱਲ ਰਹੇ ਕਿਸਾਨ ਅੰਦੋਲਨ ਵਿਚ ਪਹੁੰਚੇ। ਇਸ ਦੌਰਾਨ ਉਨ੍ਹਾਂ ਨਾਲ ਸੀਨੀਅਰ ਆਗੂ ਕਿੱਕੀ ਢਿੱਲੋਂ, ਬਰਿੰਦਰ ਸਿੰਘ



ਢਿੱਲੋਂ ਸਮੇਤ ਹੋਰ ਆਗੂ ਵੀ ਮੌਜੂਦ ਸਨ। ਇਸ ਮੌਕੇ ਪਰਗਟ ਸਿੰਘ ਨੇ ਸ. ਡੱਲੇਵਾਲ ਨੂੰ ਮਿਲ ਕੇ ਉਨ੍ਹਾਂ ਦੀ ਸਿਹਤ ਸਬੰਧੀ ਹਾਲ–ਚਾਲ ਪੁੱਛਿਆ।

## ਦੇਸ਼ ਭਰ ਵਿੱਚ ਕਿਸਾਨ ਜਥੇਬੰਦੀਆਂ ਕਰਣਗੀਆਂ ਪ੍ਰਦਰਸ਼ਨ 23 ਨੂੰ

**ਚੰਡੀਗੜ੍ਹ, ਵਿਨੋਦ ਸ਼ਰਮਾ** ਸ਼ੰਭੂ ਤੇ ਖਨੌਰੀ ਬਾਰਡਰ ਤੇ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦੌਰਾਨ ਵੱਡੀ ਖ਼ਬਰ ਸਾਹਮਣੇ ਆਈ ਹੈ। ਕਿਸਾਨ ਅੰਦੋਲਨ 2.0 ਦੇ ਹੱਕ ਵਿਚ ਹੁਣ ਸੰਯੁਕਤ ਕਿਸਾਨ ਮੋਰਚਾ ਵੀ ਨਿਤਰ ਗਿਆ ਹੈ। ਸੰਯੁਕਤ ਕਿਸਾਨ ਮੋਰਚੇ ਵੱਲੋਂ ਦੇਸ਼ ਭਰ ਵਿਚ 23 ਦਸੰਬਰ ਨੂੰ




ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਹੈ।

ਇਥੇ ਦੱਸ ਦੇਈਏ ਕਿ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਸੰਯੁਕਤ ਕਿਸਾਨ ਮੋਰਚੇ ਨੂੰ ਸੰਘਰਸ਼ ਵਿੱਚ ਸ਼ਾਮਲ ਹੋਣ ਲਈ ਚਿੱਠੀ ਲਿਖ ਕੇ ਸੱਦਾ ਗਿਆ ਸੀ, ਜਿਸ ਤੋਂ ਬਾਅਦ ਬੀ. ਕੇ. ਯੂ. ਉਗਰਾਹਾਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਇੱਕਜੁਟ ਹੋ ਕੇ 23 ਦਸੰਬਰ ਨੂੰ ਦੇਸ਼ ਭਰ ਵਿਚ ਜ਼ਿਲ੍ਹਾ ਹੈੱਡ ਕੁਆਰਟਰਾਂ ਦੇ ਬਾਹਰ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ

## ਪ੍ਰਸਿੱਧ ਤਬਲਾ ਵਾਦਕ ਜ਼ਾਕਿਰ ਹੁਸੈਨ ਦਾ ਹੋਇਆ ਦਿਹਾਂਤ

**ਸੈਨ ਫਰਾਂਸਿਸਕੋ, ਲੋਕ ਬਾਣੀ-** ਮਸ਼ਹੂਰ ਤਬਲਾ ਵਾਦਕ ਅਤੇ ਸੰਗੀਤਕਾਰ ਜ਼ਾਕਿਰ ਹੁਸੈਨ ਦਾ ਦਿਹਾਂਤ ਹੋ ਗਿਆ ਹੈ। 73 ਸਾਲਾ ਜ਼ਾਕਿਰ ਹੁਸੈਨ ਦਾ ਸੈਨ ਫਰਾਂਸਿਸਕੋ ਵਿਚ ਇਲਾਜ ਚੱਲ ਰਿਹਾ ਸੀ ਅਤੇ ਉਨ੍ਹਾਂ ਨੇ ਉੱਥੇ ਹੀ ਆਖਰੀ ਸਾਹ ਲਿਆ। ਜ਼ਾਕਿਰ ਹੁਸੈਨ ਦੀ ਸਿਹਤ ਅਚਾਨਕ ਵਿਗੜਨ ਤੋਂ ਬਾਅਦ ਉਨ੍ਹਾਂ ਨੂੰ ਹਸਪਤਾਲ ਚ ਭਰਤੀ




ਕਰਵਾਇਆ ਗਿਆ ਸੀ। ਜ਼ਾਕਿਰ ਹੁਸੈਨ ਨੂੰ ਦਿਲ ਦੀ ਬਿਮਾਰੀ ਸੀ।

## ਪੰਜਾਬ ਤੇ ਚੰਡੀਗੜ੍ਹ ਵਿੱਚ ਠੰਢ ਦਾ ਪ੍ਰਕੋਪ ਸ਼ੁਰੂ ਤੇ ਮੀਂਹ ਪੈਣ ਦੀ ਸੰਭਾਵਨਾ

**ਜਲੰਧਰ, ਬਿੱਟੂ ਫੋਲੜੀਵਾਲ** --ਪੰਜਾਬ–ਚੰਡੀਗੜ੍ਹ ਚ ਅੱਜ ਵੀ ਸੀਤ ਲਹਿਰ ਦਾ ਅਸਰ ਦੇਖਣ ਨੂੰ ਮਿਲੇਗਾ। ਸੂਬੇ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿਚ ਠੰਡੀਆਂ ਹਵਾਵਾਂ ਚੱਲ ਰਹੀਆਂ ਹਨ ਤੇ ਸਵੇਰ–ਸ਼ਾਮ ਨੂੰ ਲੋਕ ਮੋਟੇ–ਮੋਟੇ ਕੱਪੜੇ ਪਾਉਣ ਲਈ ਮਜ਼ਬੂਰ ਹੋ ਗਏ ਹਨ। ਦਰਅਸਲ, ਪੰਜਾਬ ਵਿਚ ਇੰਨੀ ਠੰਡ ਦਾ ਕਾਰਨ ਪਹਾੜਾਂ ਵਿਚ ਹੋ ਰਹੀ ਬਰਫ਼ਬਾਰੀ ਹੈ। ਪੰਜਾਬ ਅਤੇ ਚੰਡੀਗੜ੍ਹ ਦਾ ਤਾਪਮਾਨ ਆਮ ਵਾਂਗ ਰਿਹਾ।



ਮੌਸਮ ਵਿਭਾਗ ਮੁਤਾਬਕ ਪਹਾੜਾਂ ਤੋਂ ਆ ਰਹੀਆਂ ਠੰਡੀਆਂ ਹਵਾਵਾਂ ਕਾਰਨ ਪੰਜਾਬ–ਚੰਡੀਗੜ੍ਹ ਚ ਠੰਡ ਮਹਿਸੂਸ ਕੀਤੀ ਜਾ ਰਹੀ ਹੈ। ਜਿਸ ਕਾਰਨ ਫਿਰ ਤੋਂ ਮੀਂਹ ਪੈਣ ਦੀ ਸੰਭਾਵਨਾ ਦਿਖਾਈ ਦੇ ਰਹੀ ਹੈ।

## ਬਠਿੰਡਾ 'ਚ ਅਣਪਛਾਤੇ ਨੇ ਫਾਹਾ ਲਿਆ

**ਬਠਿੰਡਾ,** –ਬਠਿੰਡਾ ਦੇ ਮੁਲਤਾਨੀਆਂ ਰੋਡ 'ਤੇ ਇੱਕ ਪੁਲ ਨੇੜੇ ਇਕ ਵਿਅਕਤੀ ਵੱਲੋਂ ਤਾਰ ਦੀ ਮਦਦ ਨਾਲ ਇੱਕ ਦਰੱਖਤ ਨਾਲ ਫਾਹਾ ਲੈ ਕੇ ਅਪਣੀ ਜੀਵਨ ਲੀਲਾ ਸਮਾਪਤ ਕਰ ਲਈ ਗਈ। ਸਹਾਰਾ ਹੈੱਡਕੁਆਰਟਰ 'ਤੇ ਸੂਚਨਾ ਮਿਲਣ ਤੋਂ ਬਾਅਦ, ਸਹਾਰਾ ਜਨ ਸੇਵਾ ਲਾਈਫ ਸੇਵਿੰਗ ਬ੍ਰਿਗੇਡ ਹੈਲਪਲਾਈਨ ਟੀਮ ਦੇ ਮੈਂਬਰ ਵਿੱਕੀ ਕੁਮਾਰ ਅਤੇ ਗੌਤਮ ਗੋਇਲ ਮੌਕੇ 'ਤੇ ਪਹੁੰਚੇ ਤੇ ਲਾਸ਼ ਨੂੰ ਹਸਪਤਾਲ ਪਹੁੰਚਾਇਆ। ਮ੍ਰਿਤਕ ਵਿਅਕਤੀ ਦਿਹਾੜੀਦਾਰ ਮਜ਼ਦੂਰ ਦੱਸਿਆ ਜਾ ਰਿਹਾ ਹੈ। ਥਾਣਾ ਕੈਨਾਲ ਦੀ ਪੁਲੀਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਪੁਲੀਸ ਨੂੰ ਜਾਂਚ ਦੌਰਾਨ ਮ੍ਰਿਤਕ ਕੋਲੋਂ ਕੋਈ ਵੀ ਚੀਜ਼ ਨਹੀਂ ਮਿਲੀ ਜਿਸ ਨਾਲ ਉਸ ਦੀ ਪਛਾਣ ਹੋ



ਸਕੇ। ਸਹਾਰਾ ਦੀ ਟੀਮ ਨੇ ਲਾਸ਼ ਨੂੰ ਦਰੱਖਤ ਤੋਂ ਹੇਠਾਂ ਉਤਾਰ ਕੇ ਹਸਪਤਾਲ ਦੇ ਮੁਰਦਾਘਰ 'ਚ ਪਹੁੰਚਾਇਆ। ਸਹਾਰਾ ਦੇ ਪ੍ਰਧਾਨ ਗੌਤਮ ਗੋਇਲ ਨੇ ਦੱਸਿਆ ਕਿ ਲਾਸ਼ ਨੂੰ ਪਛਾਣ ਲਈ ਸੁਰੱਖਿਅਤ ਰੱਖਿਆ ਗਿਆ ਹੈ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਵੱਲੋਂ ਆਯੋਜਿਤ ਸਲਾਨਾ ਸਮਾਗਮ ਵਿੱਚ ਕੀਤੀ ਸ਼ਿਰਕਤ

ਚੰਡੀਗੜ੍ਹ, (ਲੋਕ ਬਾਣੀ) ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਅੱਜ ਤਰਨ ਤਾਰਨ ਵਿਖੇ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਵੱਲੋਂ ਆਯੋਜਿਤ ਸਲਾਨਾ ਸਮਾਗਮ ਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨ ਪਹੁੰਚੇ। ਸਮਾਗਮ ਦੌਰਾਨ ਉਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿੱਚ ਵਧੀਆ ਕੰਮ ਕਰਨ ਵਾਲੇ ਦਿਵਿਆਂਗਜਨਾਂ ਨੂੰ ਸਨਮਾਨਿਤ ਵੀ ਕੀਤਾ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦਿਵਿਆਂਗਜਨਾਂ ਦੇ ਸਵੈ-ਅਧਿਕਾਰ ਅਤੇ ਸਮਾਜ ਵਿੱਚ ਉਨ੍ਹਾਂ ਦੇ ਸਮੂਹਿਕ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਿਵਿਆਂਗਜਨਾਂ ਦੇ ਹੱਕਾਂ ਦੀ ਰੱਖਿਆ, ਸਿੱਖਿਆ, ਰੋਜ਼ਗਾਰ ਅਤੇ ਸਿਹਤ ਸਹੂਲਤਾਂ ਦੇ ਪ੍ਰਦਾਨ ਲਈ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ।

ਮੰਤਰੀ ਨੇ ਦਿਵਿਆਂਗਜਨ ਭਲਾਈ ਸਕੀਮਾਂ, ਜਿਵੇਂ ਕਿ ਪੈਨਸ਼ਨ ਯੋਜਨਾ, ਮੁਫਤ ਸਫਰ ਸਹੂਲਤ, ਸਵੈ-ਰੋਜ਼ਗਾਰ ਯੋਜਨਾਵਾਂ ਆਦਿ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਕਿਹਾ ਕਿ ਦਿਵਿਆਂਗਜਨਾਂ ਦੀ ਭਲਾਈ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਮੀਨੀ ਪੱਧਰ ਤੇ ਨਵੀਂ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ।

ਸਮਾਗਮ ਦੌਰਾਨ ਕਮੇਟੀ ਦੇ ਮੈਂਬਰਾਂ ਨੇ ਪਿਛਲੇ ਅਰਸੇ ਦੌਰਾਨ ਦਿਵਿਆਂਗਜਨਾਂ ਦੀਆਂ ਕਈ ਮੰਗਾਂ ਨੂੰ ਪੂਰਾ ਕਰਨ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦਾ ਧੰਨਵਾਦ ਕੀਤਾ ਅਤੇ



ਕਈ ਹੋਰ ਮੁੱਦਿਆਂ ਨੂੰ ਉਨ੍ਹਾਂ ਸਾਹਮਣੇ ਰੱਖਿਆ ਅਤੇ ਮੰਤਰੀ ਨੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਭਰੋਸਾ ਦਿੱਤਾ।

# ਪੰਜਾਬ ਦੀ ਧੀ ਨੇ ਵਧਾਇਆ ਮਾਣ, ਖਮਾਣੋਂ ਦੀ ਅਰਸ਼ਦੀਪ ਕੌਰ ਬਣੀ ਭਾਰਤੀ ਹਵਾਈ ਸੈਨਾ ਵਿੱਚ ਫਲਾਇੰਗ ਅ.ਫਸਰ

ਚੰਡੀਗੜ੍ਹ, (ਲੋਕ ਬਾਣੀ) ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਏ.ਐਫ.ਪੀ.ਆਈ.) ਫਾਰ ਗਰਲਜ਼, ਐਸ.ਏ.ਐਸ. ਨਗਰ (ਮੋਹਾਲੀ) ਦੀ ਕੈਡਿਟ ਅਰਸ਼ਦੀਪ ਕੌਰ ਭਾਰਤੀ ਹਵਾਈ ਸੈਨਾ ਵਿੱਚ ਫਲਾਇੰਗ ਅਫਸਰ ਬਣ ਗਈ ਹੈ। ਏਅਰ ਫੋਰਸ ਅਕੈਡਮੀ, ਡੁੰਡੀਗਲ (ਹੈਦਰਾਬਾਦ) ਵਿਖੇ ਸਿਖਲਾਈ ਮੁਕੰਮਲ ਹੋਣ ਉਤੇ ਅੱਜ ਉਸ ਨੇ ਪਾਸਿੰਗ ਆਊਟ ਪਰੇਡ ਵਿੱਚ ਹਿੱਸਾ ਲਿਆ। ਇਸ ਪ੍ਰਭਾਵਸ਼ਾਲੀ ਪਰੇਡ ਦਾ ਨਿਰੀਖਣ ਹਵਾਈ ਸੈਨਾ ਦੇ ਮੁਖੀ ਏਅਰ ਚੀਫ ਮਾਰਸ਼ਲ ਏ.ਪੀ. ਸਿੰਘ, ਪੀ.ਵੀ.ਐਸ.ਐਮ., ਏ.ਵੀ.ਐਸ.ਐਮ. ਨੇ ਕੀਤਾ।

ਭਾਰਤੀ ਹਵਾਈ ਸੈਨਾ ਦੀ ਮੈਟਰੀਓਲੋਜੀ ਬ੍ਰਾਂਚ ਵਿੱਚ ਫਲਾਇੰਗ ਅਫਸਰ ਵਜੋਂ ਨਿਯੁਕਤ ਅਰਸ਼ਦੀਪ ਕੌਰ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਖਮਾਣੋਂ ਵਾਸੀ ਦਲਜਿੰਦਰ ਪਾਲ ਸਿੰਘ ਦੀ ਧੀ ਹੈ, ਜੋ ਬਿਜ਼ਨਸਮੈਨ ਹਨ।



ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਫਲਾਇੰਗ ਅਫਸਰ ਅਰਸ਼ਦੀਪ ਕੌਰ ਨੂੰ ਉਸ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਉਸਦੀ ਸਫਲਤਾ ਪੰਜਾਬ ਦੀਆਂ ਹੋਰ ਧੀਆਂ ਨੂੰ ਵੀ ਰੱਖਿਆ ਸੇਵਾਵਾਂ ਕਰੀਅਰ ਬਣਾਉਣ ਲਈ ਪ੍ਰੇਰਿਤ ਕਰੇਗੀ।

ਇਸ ਸੰਸਥਾ ਦੇ ਕੈਡਿਟਾਂ ਦੇ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫਸਰ ਬਣਨ ਤੇ ਤਸੱਲੀ ਪ੍ਰਗਟ ਕਰਦਿਆਂ ਮਾਈ ਭਾਗੋ ਏ.ਐਫ.ਪੀ.ਆਈ. ਦੇ ਡਾਇਰੈਕਟਰ ਮੇਜਰ ਜਨਰਲ ਜਸਬੀਰ ਸਿੰਘ ਸੰਧੂ, ਏ.ਵੀ.ਐਸ.ਐਮ. (ਸੇਵਾਮੁਕਤ) ਨੇ ਫਲਾਇੰਗ ਅਫਸਰ ਅਰਸ਼ਦੀਪ ਕੌਰ ਨੂੰ ਭਾਰਤੀ ਹਵਾਈ ਸੈਨਾ ਵਿੱਚ ਉਸਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਰਿਸ਼ਵਤ ਦੇ ਮਾਮਲੇ ਚ ਮਹਿਲਾ ਕਮਿਸ਼ਨ ਦੀ ਵਾਈਸ ਚੇਅਰਮੈਨ ਨੂੰ ਭੇਜਿਆ ਜੇਲ੍ਹ, ਪੀਏ ਇਕ ਦਿਨ ਦੇ ਰਿਮਾਂਡ ਤੇ

ਚੰਡੀਗੜ੍ਹ-(ਲੋਕ ਬਾਣੀ)- ਇੱਕ ਲੱਖ ਰੁਪਏ ਦੇ ਰਿਸ਼ਵਤ ਮਾਮਲੇ ਵਿੱਚ ਫਸੇ ਹਰਿਆਣਾ ਮਹਿਲਾ ਕਮਿਸ਼ਨ ਦੀ ਉਪ ਪ੍ਰਧਾਨ ਸੋਨੀਆ ਅਗਰਵਾਲ ਅਤੇ ਪੀਏ ਕੁਲਬੀਰ ਬੈਨੀਵਾਲ ਨੂੰ ਐਤਵਾਰ ਨੂੰ ਸੋਨੀਪਤ ਵਿੱਚ ਡਿਊਟੀ ਮੈਜਿਸਟਰੇਟ ਦੇ ਸਾਹਮਣੇ ਪੇਸ਼ ਕੀਤਾ ਗਿਆ। ਅਦਾਲਤ ਨੇ ਸੋਨੀਆ ਨੂੰ ਜੇਲ੍ਹ ਭੇਜ ਦਿੱਤਾ, ਜਦਕਿ ਕੁਲਬੀਰ ਨੂੰ ਇਕ ਦਿਨ ਦੇ ਰਿਮਾਂਡ ਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਦੇ ਹਵਾਲੇ ਕਰ ਦਿੱਤਾ ਗਿਆ।

ਸੋਨੀਆ ਨੂੰ ਅੱਜ ਸਵੇਰੇ ਸੋਨੀਪਤ ਮਹਿਲਾ ਥਾਣੇ ਤੋਂ ਵਿਜੀਲੈਂਸ ਦਫ਼ਤਰ ਲਿਆਂਦਾ ਗਿਆ। ਫਿਰ ਸੋਨੀਆ ਨੇ ਕਿਹਾ- ਮੈਨੂੰ ਫਸਾਇਆ ਗਿਆ ਹੈ, ਜਲਦੀ ਹੀ ਸਾਬਤ ਕਰ ਦੇਵਾਂਗੀ।' ਇਸ ਦੌਰਾਨ ਉਨ੍ਹਾਂ ਦਾ ਪੀਏ ਕੁਲਬੀਰ ਵੀ ਉਨ੍ਹਾਂ ਦੇ ਨਾਲ ਸੀ।

ਦਰਅਸਲ, ਏਸੀਬੀ ਨੇ ਸ਼ਨੀਵਾਰ ਨੂੰ ਦੋਹਾਂ ਨੂੰ 1 ਲੱਖ ਰੁਪਏ ਦੇ ਰਿਸ਼ਵਤ ਦੇ ਮਾਮਲੇ ਚ ਗ੍ਰਿਫਤਾਰ ਕੀਤਾ ਸੀ। ਇਸ ਤੋਂ ਪਹਿਲਾਂ ਸੋਨੀਆ ਅਗਰਵਾਲ ਦੀ ਖਰਖੌਦਾ ਸਥਿਤ ਰਿਹਾਇਸ਼ ਤੇ ਵੀ ਛਾਪੇਮਾਰੀ ਕੀਤੀ ਗਈ ਸੀ ਪਰ ਉਸ ਦੇ ਘਰ ਦੀ ਤਲਾਸ਼ੀ ਦੌਰਾਨ ਕੋਈ ਪੈਸਾ ਬਰਾਮਦ ਨਹੀਂ ਹੋਇਆ ਸੀ।

ਇਲਜ਼ਾਮ ਹੈ ਕਿ ਸੋਨੀਆ ਦੇ ਪੀਏ ਕੁਲਬੀਰ ਨੇ ਹਿਸਾਰ ਵਿੱਚ ਇੱਕ ਜੇਬੀਟੀ ਅਧਿਆਪਕ ਤੋਂ 1 ਲੱਖ ਰੁਪਏ ਲਏ ਸਨ। ਸ਼ਿਕਾਇਤਕਰਤਾ ਅਧਿਆਪਕਾ ਦਾ ਕਹਿਣਾ ਹੈ ਕਿ ਪੈਸੇ ਲੈਣ ਤੋਂ ਬਾਅਦ ਪੀਏ ਨੇ ਮਹਿਲਾ ਕਮਿਸ਼ਨ ਦੀ ਵਾਈਸ ਚੇਅਰਮੈਨ ਸੋਨੀਆ ਅਗਰਵਾਲ ਨੂੰ ਫੋਨ ਕਰਕੇ ਮਾਮਲਾ ਨਿਪਟਾਉਣ ਲਈ ਕਿਹਾ ਸੀ।



ਇਸ ਦੇ ਨਾਲ ਹੀ ਇਸ ਮਾਮਲੇ ਤੇ ਹਰਿਆਣਾ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰੇਣੂ ਭਾਟੀਆ ਦਾ ਬਿਆਨ ਵੀ ਸਾਹਮਣੇ ਆਇਆ ਹੈ, ਜਿਸ ਚ ਉਨ੍ਹਾਂ ਨੇ ਇਸ ਪੂਰੇ ਮਾਮਲੇ ਨੂੰ ਮੰਦਭਾਗਾ ਦੱਸਿਆ ਹੈ। ਉਨ੍ਹਾਂ ਕਿਹਾ ਕਿ ਅਜਿਹਾ ਨਹੀਂ ਹੋਣਾ ਚਾਹੀਦਾ ਸੀ। ਅਜਿਹੀਆਂ ਗੱਲਾਂ ਵਿਭਾਗ ਦਾ ਨਾਂ ਬਦਨਾਮ ਕਰਦੀਆਂ ਹਨ। ਇਸ ਵਿਭਾਗ ਵਿੱਚ ਪਾਰਦਰਸ਼ਤਾ ਨਾਲ ਕੰਮ ਕੀਤਾ ਜਾਵੇ।

# ਵਾਰਡ ਨੰਬਰ 4 ਚ ਆਪ ਦੇ ਜਗੀਰ ਸਿੰਘ ਨੂੰ ਮਿਲ ਰਹੇ ਲੋਕਾਂ ਦੇ ਪਿਆਰ ਕਾਰਨ ਵਿਰੋਧੀਆਂ ਦੇ ਉੱਡੇ ਹੋਸ਼



ਰੋਜ਼ਾਨਾ ਲੋਕ ਬਾਣੀ
www.lokbani

ਜਲੰਧਰ, ਲੋਕ ਬਾਣੀ -ਨਗਰ ਨਿਗਮ ਚੋਣਾਂ ਵਿੱਚ ਵਾਰਡ ਨੰਬਰ 4 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਗੀਰ ਸਿੰਘ ਨੂੰ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਡੋਰ ਟੂ ਡੋਰ ਕਰਦੇ ਸਮੇਂ ਉਨ੍ਹਾਂ ਨੇ ਗੁਲਮੋਹਰ ਸਿਟੀ, ਸੂਚੀ ਪਿੰਡ ਲੋਕਾਂ ਦਾ ਭਰਵਾਂ ਸਮਰਥਨ ਪ੍ਰਾਪਤ ਕੀਤਾ। ਵਾਰਡ ਨੰ: 4 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਗੀਰ ਸਿੰਘ ਨੇ ਕਿਹਾ ਕਿ ਡੋਰ ਟੂ ਡੋਰ ਨਿਗਮ ਚੋਣਾਂ ਦੌਰਾਨ ਉਨ੍ਹਾਂ ਨੂੰ ਆਪਣੇ ਵਾਰਡ ਦੇ ਲੋਕਾਂ ਦਾ ਭਰਪੂਰ ਪਿਆਰ ਅਤੇ ਸਮਰਥਨ ਮਿਲ ਰਿਹਾ ਹੈ ਜਿਸ ਲਈ ਉਹ ਹਮੇਸ਼ਾ ਧੰਨਵਾਦੀ ਰਹਿਣਗੇ ਤੇ ਜਿੱਤ ਹਾਸਲ ਕਰਨ ਤੋਂ ਬਾਅਦ ਉਹ ਦਿਨ ਰਾਤ ਆਪਣੇ ਵਾਰਡ ਵਿੱਚ ਲੋਕਾਂ ਦੀ ਸੇਵਾ ਕਰਣਗੇ

# ਕਿਸਾਨਾਂ ਨੇ ਪੰਜਾਬ ਭਰ ਚ ਰੇਲਾਂ ਦਾ ਚੱਕਾ ਜਾਮ ਕਰਨ ਦਾ ਕੀਤਾ ਐਲਾਨ



ਚੰਡੀਗੜ੍ਹ-(ਲੋਕ ਬਾਣੀ) ਹਰਿਆਣਾ-ਪੰਜਾਬ ਦੇ ਸ਼ੰਭੂ ਸਰਹੱਦ ਤੋਂ ਰਵਾਨਾ ਹੋਏ 101 ਕਿਸਾਨਾਂ ਦੇ ਜਥੇ ਨੂੰ 2 ਘੰਟੇ ਬਾਅਦ ਵਾਪਸ ਬੁਲਾ ਲਿਆ ਗਿਆ। ਕਿਸਾਨ ਦੁਪਹਿਰ 12 ਵਜੇ ਦਿੱਲੀ ਲਈ ਰਵਾਨਾ ਹੋ ਗਏ। ਪੁਲੀਸ ਨੇ ਘੱਗਰ ਦਰਿਆ 'ਤੇ ਬਣੇ ਪੁਲ 'ਤੇ ਬੈਰੀਕੇਡ ਲਾ ਕੇ ਉਨ੍ਹਾਂ ਨੂੰ ਰੋਕ ਲਿਆ।40 ਮਿੰਟ ਤੱਕ ਪੁਲੀਸ ਨਾਲ ਬਹਿਸ ਕਰਨ ਤੋਂ ਬਾਅਦ ਕਿਸਾਨਾਂ ਨੇ ਬੈਰੀਕੇਡ ਤੋੜਨ ਦੀ ਕੋਸ਼ਿਸ਼ ਕੀਤੀ। ਇਸ ਤੋਂ ਬਾਅਦ ਪੁਲਿਸ ਨੇ ਅੱਥਰੂ ਗੈਸ ਅਤੇ ਵਾਟਰ ਕੈਨਨ ਦੀ ਵਰਤੋਂ ਕੀਤੀ। ਜਿਸ ਵਿੱਚ 10 ਕਿਸਾਨ ਜ਼ਖਮੀ ਹੋਏ ਹਨ।

ਇਸ ਦੌਰਾਨ ਕਿਸਾਨਾਂ ਵਲੋਂ ਪੰਜਾਬ ਭਰ ਵਿਚ ਰੇਲਾਂ ਰੋਕਣ ਦਾ ਐਲਾਨ ਕੀਤਾ ਗਿਆ ਹੈ। ਸ਼ੰਭੂ ਮੋਰਚੇ ਤੇ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 18 ਦਸੰਬਰ ਨੂੰ ਦੁਪਹਿਰ 12 ਤੋਂ 3 ਵਜੇ ਤੱਕ ਅਸੀਂ ਰੇਲਾਂ ਰੋਕਾਂਗੇ ਤੇ ਉਸ ਤੋਂ ਬਾਅਦ ਅਗਲੀ ਰਣਨੀਤੀ ਉਲੀਕਾਂਗੇ।

# ਜਸਕਰਨ ਸਿੰਘ ਭਾਗੀਵਾਂਦਰ ਨੂੰ ਬਣਾਇਆ ਬੀਕੇਯੂ ਡਕੌਂਦਾ (ਬੁਰਜ ਗਿੱਲ) ਦੇ ਬਲਾਕ ਪ੍ਰਧਾਨ



ਤਲਵੰਡੀ ਸਾਬੋ (ਲੋਕ ਬਾਣੀ)- ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਬੁਰਜ ਗਿੱਲ) ਦੇ ਬਲਾਕ ਤਲਵੰਡੀ ਸਾਬੋ ਅਤੇ ਮੌੜ ਦੀ ਸਾਂਝੀ ਮੀਟਿੰਗ ਪਿੰਡ ਭਾਗੀਵਾਂਦਰ ਦੇ ਡੇਰਾ ਬਾਬਾ ਨਿੱਕੂ ਰਾਮ ਵਿਖੇ ਲਛਮਣ ਸਿੰਘ ਭਾਗੀਵਾਂਦਰ ਬਲਾਕ ਪ੍ਰਧਾਨ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਰਾਜਮਹਿੰਦਰ ਸਿੰਘ ਕੋਟਭਾਰਾ ਜਿਲ੍ਹਾ ਪ੍ਰਧਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਬਲਾਕ ਪ੍ਰਧਾਨ ਲਛਮਣ ਸਿੰਘ ਭਾਗੀਵਾਂਦਰ ਨੇ ਪਰਿਵਾਰਕ ਜ਼ੁੰਮੇਵਾਰੀਆਂ ਦਾ ਹਵਾਲਾ ਦਿੰਦਿਆਂ ਹੋਇਆ ਆਪਣਾ ਅਸਤੀਫ਼ਾ ਦਿੱਤਾ ਜੋ ਮਨਜ਼ੂਰ ਕਰਕੇ ਜਸਕਰਨ ਸਿੰਘ ਭਾਗੀਵਾਂਦਰ ਨੂੰ ਸਰਬਸੰਮਤੀ ਨਾਲ ਬਲਾਕ ਪ੍ਰਧਾਨ ਲਾਇਆ ਗਿਆ ਅਤੇ ਜਗਰੂਪ ਸਿੰਘ ਨੂੰ ਭਾਗੀਵਾਂਦਰ ਦੀ ਪਿੰਡ ਇਕਾਈ ਪ੍ਰਧਾਨ ਲਾਇਆ ਗਿਆ। ਇਸ ਮੌਕੇ ਜਸਕਰਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਬਲਾਕ ਪੱਧਰ ਦੇ ਕਿਸਾਨਾਂ ਦੇ ਹਰ ਤਰ੍ਹਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ, ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਕਰਨ ਭਾਗੀਵਾਂਦਰ ਜਿਲ੍ਹਾ ਮੀਤ ਪ੍ਰਧਾਨ, ਦਰਸ਼ਨ ਸਿੰਘ ਖਾਲਸਾ, ਗੁਰਪਿਆਰ ਸਿੰਘ, ਦਰਸ਼ਨ ਸਿੰਘ ਭਾਗੀਵਾਂਦਰ, ਨਛੱਤਰ ਸਿੰਘ ਅਤੇ ਗੁਰਮੇਲ ਸਿੰਘ ਮੌਜੂਦ ਸਨ।

# ਕਿਸਾਨ ਆਗੂ ਡੱਲੇਵਾਲ ਦਾ ਮਰਨ ਵਰਤ 20ਵੇਂ ਦਿਨ ਵਿੱਚ ਜਾਰੀ, ਹਾਲਤ ਨਾਜ਼ੁਕ

ਚੰਡੀਗੜ੍ਹ (ਲੋਕ ਬਾਣੀ)- ਕੇਂਦਰੀ ਗ੍ਰਹਿ ਨਿਰਦੇਸ਼ਕ ਮਯੰਕ ਮਿਸ਼ਰਾ ਨੇ ਐਤਵਾਰ ਨੂੰ ਸ਼ੰਭੂ ਅਤੇ ਖਨੌਰੀ ਸਰਹੱਦ ਤੇ ਚੱਲ ਰਹੇ ਕਿਸਾਨ ਅੰਦੋਲਨ ਦੌਰਾਨ 20 ਦਿਨਾਂ ਤੋਂ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਡੱਲੇਵਾਲ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਹ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨਾਲ ਖਨੌਰੀ ਬਾਰਡਰ ਤੇ ਪਹੁੰਚੇ।

ਕਿਸਾਨ ਆਗੂ ਡੱਲੇਵਾਲ ਨੇ ਮਰਨ ਵਰਤ ਖਤਮ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਸ਼ਨੀਵਾਰ ਨੂੰ ਖਨੌਰੀ ਬਾਰਡਰ ਤੇ ਮੰਜੇ ਤੇ ਲੇਟਦਿਆਂ ਡੱਲੇਵਾਲ ਨੇ ਕਿਹਾ ਕਿ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਖੁਦਕੁਸ਼ੀਆਂ ਕਰ ਰਹੇ ਕਿਸਾਨਾਂ ਦੀ ਜਾਨ ਮੇਰੀ ਜਾਨ ਤੋਂ ਵੱਧ ਕੀਮਤੀ ਹੈ।

ਖਨੌਰੀ ਬਾਰਡਰ ਤੇ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਡੱਲੇਵਾਲ ਦੀ ਸਿਹਤ ਲਗਾਤਾਰ ਵਿਗੜਦੀ ਜਾ ਰਹੀ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਉਨ੍ਹਾਂ ਦਾ 12 ਕਿਲੋ ਤੋਂ ਵੱਧ ਭਾਰ ਘਟ ਗਿਆ ਹੈ। ਗੁਰਦੇ ਦੇ ਨੁਕਸਾਨ ਅਤੇ ਜਿਗਰ ਦੇ ਨੁਕਸਾਨ ਦਾ ਖਤਰਾ ਹੈ। ਕਿਉਂਕਿ ਉਹ ਕੈਂਸਰ ਦੇ ਮਰੀਜ਼ ਹਨ, ਇਸ ਲਈ ਉਨ੍ਹਾਂ ਦੀ ਸਿਹਤ ਕਾਫੀ ਚਿੰਤਾਜਨਕ ਬਣੀ ਹੋਈ ਹੈ। ਉਨ੍ਹਾਂ ਨੂੰ ਕਿਸੇ ਵੀ ਸਮੇਂ ਦਿਲ ਦਾ ਦੌਰਾ ਪੈ ਸਕਦਾ ਹੈ। ਇਸ ਦੇ ਬਾਵਜੂਦ ਉਹ ਕੋਈ ਦਵਾਈ ਨਹੀਂ ਲੈ ਰਹੇ।




ਦੱਸ ਦੇਈਏ ਕਿ ਦੋ ਦਿਨ ਪਹਿਲਾਂ ਸੁਪਰੀਮ ਕੋਰਟ ਨੇ ਕੇਂਦਰ ਅਤੇ ਪੰਜਾਬ ਸਰਕਾਰਾਂ ਨੂੰ ਡੱਲੇਵਾਲ ਨੂੰ ਤੁਰੰਤ ਡਾਕਟਰੀ ਸਹਾਇਤਾ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਸਨ। ਉਨ੍ਹਾਂ ਨੂੰ ਜ਼ਬਰਦਸਤੀ ਕੁਝ ਵੀ ਖੁਆਉਣ ਦੀ ਕੋਸ਼ਿਸ਼ ਨਾ ਕਰੋ। ਸੁਪਰੀਮ ਕੋਰਟ ਨੇ ਕਿਹਾ ਸੀ ਕਿ ਉਨ੍ਹਾਂ ਦੀ ਜ਼ਿੰਦਗੀ ਅੰਦੋਲਨ ਤੋਂ ਜ਼ਿਆਦਾ ਮਹੱਤਵਪੂਰਨ ਹੈ।

# ਅੱਬੂਵਾਲ ਵਿਖੇ ਅੱਖਾਂ ਦਾ ਚੈਕਅਪ ਕੈਂਪ ਲਗਾਇਆ ਗਿਆ



ਲੁਧਿਆਣਾ (ਲੋਕ ਬਾਣੀ)-ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਅੱਖਾਂ ਦਾ ਮੁਫਤ ਚੈਕਅੱਪ ਕੈਂਪ ਅਤੇ ਹੋਮਿਓਪੈਥੀ ਕੈਂਪ ਗੁਰਦੁਆਰਾ ਸ੍ਰੀ ਹਰਿ ਕੀਰਤਨਗੜ੍ਹ ਸਾਹਿਬ ਪਿੰਡ ਅੱਬੂਵਾਲ ਵਿਖੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਲੁਧਿਆਣਾ ਬਲਾਕ ਪੱਖੋਵਾਲ ਦੇ ਸਹਿਯੋਗ ਨਾਲ ਲਗਾਇਆ ਗਿਆ।ਇਸ ਮੌਕੇ ਡਾਕਟਰ ਸੁਮੀਤ ਸਿੰਘ ਸਰਾ ਅਤੇ ਡਾਕਟਰ ਅਮਨਦੀਪ ਕੌਰ ਸਰਾ ਵੱਲੋਂ ਕੈਂਪ ਵਿੱਚ ਪੁੱਜੇ 208 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦੀ ਮੁਫਤ ਜਾਂਚ ਕੀਤੀ ਗਈ ਅਤੇ ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਡਾਕਟਰ ਸੁਰਿੰਦਰ ਪਾਲ ਸਿੰਘ ਹਲਵਾਰਾ ਵੱਲੋਂ ਹੋਮਿਓਪੈਥੀ ਕੈਂਪ ਦੌਰਾਨ 170 ਦੇ ਕਰੀਬ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆ ਗਈਆਂ। ਇਸ ਮੌਕੇ ਪ੍ਰਬੰਧਕਾਂ ਨੇ ਡਾਕਟਰ ਸਾਹਿਬਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਿੰਡਾਂ ਵਿੱਚ ਅਜਿਹੇ ਕੈਂਪ ਲਗਾਉਣੇ ਬਹੁਤ ਹੀ ਸ਼ਲਾਂਘਾਯੋਗ ਕਦਮ ਹੈ। ਪ੍ਰਬੰਧਕਾਂ ਵੱਲੋਂ ਡਾਕਟਰਾਂ ਦੀ ਟੀਮ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਚੇਅਰਮੈਨ ਕਰਨੈਲ ਸਿੰਘ, ਪ੍ਰਧਾਨ ਗੁਰਪ੍ਰੀਤ ਸਿੰਘ, ਸਕੱਤਰ ਲਖਬੀਰ ਸਿੰਘ, ਸੁਖਦੇਵ ਸਿੰਘ, ਗੁਰਦੀਪ ਸਿੰਘ, ਪਰਮਜੀਤ ਸਿੰਘ, ਸਰਬਵੀਰ ਸਿੰਘ ਆਦਿ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

# ਨਗਰ ਪੰਚਾਇਤ ਚੋਣਾਂ ਲਈ ਭਾਜਪਾ ਉਮੀਦਵਾਰਾਂ ਦੇ ਕਾਗਜ਼ ਰੱਦ ਕਰਵਾ ਕੇ ਆਪ ਸਰਕਾਰ ਨੇ ਕੀਤਾ ਲੋਕਤੰਤਰ ਦਾ ਘਾਣ - ਹਰਜੀਤ ਸੰਧੂ



ਤਰਨਤਾਰਨ,(ਲੋਕ ਬਾਣੀ) - ਤਰਨਤਾਰਨ ਜ਼ਿਲ੍ਹੇ ਅਧੀਨ ਆਉਂਦੀਆਂ ਖੇਮਕਰਨ ਅਤੇ ਭਿੱਖੀਵਿੰਡ ਨਗਰ ਪੰਚਾਇਤਾਂ ਵਿੱਚ ਹੋਣ ਜਾ ਰਹੀਆਂ ਚੋਣਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਵੱਲੋਂ ਪਾਰਟੀ ਆਗੂਆਂ ਨਾਲ ਭਿੱਖੀਵਿੰਡ ਵਿਖੇ ਪਾਰਟੀ ਆਗੂਆਂ ਅਤੇ ਉਮੀਦਵਾਰਾਂ ਨਾਲ ਅਹਿਮ ਬੈਠਕ ਕੀਤੀ।ਇਸ ਮੌਕੇ ਤੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਜਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਕੋਈ ਵੀ ਕੰਮ ਲੋਕਾਂ ਦੇ ਹੱਕ ਲਈ ਨਹੀਂ ਕੀਤਾ ਤਾਂ ਹੀ ਪੰਜਾਬ ਦੇ ਲੋਕ ਆਪ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਅੱਕੇ ਪਏ ਹਨ।

ਉਨ੍ਹਾਂ ਕਿਹਾ ਕਿ ਆਪ ਸਰਕਾਰ ਦੇ ਨੁਮਾਇੰਦੇ ਲੋਕਤੰਤਰ ਦਾ ਸ਼ਰੇਆਮ ਘਾਣ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਨਾਮਜਦਗੀ ਪੱਤਰ ਪ੍ਰਸ਼ਾਸਨ ਦੀ ਹਾਜਰੀ ਵਿੱਚ ਭਾਜਪਾ ਉਮੀਦਵਾਰਾਂ ਦੇ ਹੱਥਾਂ ਚੋਂ ਖੋਹ ਕੇ ਇਨ੍ਹਾਂ ਲੋਕਾਂ ਨੇ ਸਾਬਤ ਕਰ ਦਿੱਤਾ ਕਿ ਅਗਰ ਭਾਜਪਾ ਉਮੀਦਵਾਰ ਚੋਣ ਅਖਾੜੇ ਵਿੱਚ ਆਉਂਦੇ ਹਨ ਤਾਂ ਭਾਜਪਾ ਦੀਆਂ ਲੋਕ ਪੱਖੀ ਨੀਤੀਆਂ ਕਰਕੇ ਜਿੱਤਦੇ ਵੀ ਹਨ ਪਰ ਪ੍ਰਸ਼ਾਸਨ ਦੀ ਕਥਿਤ ਮਿਲੀਭੁਗਤ ਅਤੇ ਆਪ ਸਰਕਾਰ ਦੀਆਂ ਧੱਕੇਸ਼ਾਹੀਆਂ ਨਾਲ ਲਾਅ ਐਂਡ ਆਰਡਰ ਬੁਰੀ ਤਰ੍ਹਾਂ ਫੇਲ ਹੋ ਗਿਆ ਜਿਸ ਦੀ ਸਿੱਧੀ ਜਿੰਮੇਵਾਰੀ ਆਪ ਸਰਕਾਰ ਦੀ ਹੈ।ਉਨ੍ਹਾਂ ਕਿਹਾ ਕਿ ਨਗਰ ਪੰਚਾਇਤ ਖੇਮਕਰਨ ਦੀਆਂ ਜਿਹੜੀਆਂ ਵਾਰਡਾਂ ਤੇ ਭਾਜਪਾ ਉਮੀਦਵਾਰ ਮਜਬੂਤ ਅਤੇ ਜੇਤੂ ਸਨ ਉਨ੍ਹਾਂ ਵਾਰਡਾਂ ਦੇ ਹੀ ਕਾਗਜ ਰੱਦ ਹੋਏ ਹਨ ਪਰ ਭਾਜਪਾ ਆਗੂ ਇਸ ਧੱਕੇਸ਼ਾਹੀ ਦਾ ਜਵਾਬ ਦੇਣ ਅਤੇ ਇਨਸਾਫ ਲੈਣ ਲਈ ਅਦਾਲਤ ਦਾ ਰੁਖ ਕਰ ਰਹੇ ਹਨ।ਇਸ ਮੌਕੇ ਤੇ ਖੇਮਕਰਨ ਅਤੇ ਭਿੱਖੀਵਿੰਡ ਦੇ ਜੋ ਉਮੀਦਵਾਰ ਚੋਣ ਮੈਦਾਨ ਵਿੱਚ ਹਨ ਉਨ੍ਹਾਂ ਦੀਆਂ ਵੱਖ-ਵੱਖ ਵਾਰਡਾਂ ਵਿੱਚ ਜ਼ਿਲ੍ਹੇ ਦੇ ਆਗੂਆਂ ਦੀਆਂ ਚੋਣ ਡਿਊਟੀਆਂ ਲਗਾਈਆਂ ਗਈਆਂ।ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ,ਮਹਾਂ ਮੰਤਰੀ ਸ਼ਿਵ ਕੁਮਾਰ ਸੋਨੀ,ਪ੍ਰਦੇਸ਼ ਕਾਰਜਕਾਰਨੀ ਮੈਂਬਰ ਤੇ ਸਹਿ ਪ੍ਰਭਾਰੀ ਅਨੂਪ ਸਿੰਘ ਭੁੱਲਰ,ਮੀਤ ਪ੍ਰਧਾਨ ਸਤਨਾਮ ਸਿੰਘ ਭੁੱਲਰ,ਮੀਤ ਪ੍ਰਧਾਨ ਡਾ.ਰਿਤੇਸ ਚੋਪੜਾ,ਮੀਤ ਪ੍ਰਧਾਨ ਜਸਕਰਨ ਸਿੰਘ ਗਿੱਲ, ਕਿਸਾਨ ਮੋਰਚਾ ਕੋਰ ਕਮੇਟੀ ਸੂਬਾ ਆਗੂ ਸਿਤਾਰਾ ਸਿੰਘ ਡਲੀਰੀ,ਐਸਸੀ ਮੋਰਚਾ ਜਿਲਾ ਪ੍ਰਧਾਨ ਅਵਤਾਰ ਸਿੰਘ ਬੰਟੀ,ਸੀਨੀਅਰ ਆਗੂ ਰਾਜ ਕੁਮਾਰ ਚੋਪੜਾ,ਪ੍ਰਦੇਸ਼ ਕਾਰਜਕਾਰਨੀ ਮੈਂਬਰ ਪ੍ਰਦੀਪ ਮਨਚੰਦਾ,ਮੰਡਲ ਪ੍ਰਧਾਨ ਸਤਿਨਾਮ ਸਿੰਘ,ਮੰਡਲ ਪ੍ਰਧਾਨ ਸਾਹਿਬ ਸਿੰਘ,ਮੰਡਲ ਪ੍ਰਧਾਨ ਸੁਰੇਸ ਪਿੰਕਾ,ਮੰਡਲ ਪ੍ਰਧਾਨ ਮਹਿਤਾਬ ਸਿੰਘ,ਮੰਡਲ ਪ੍ਰਧਾਨ ਦਲਜੀਤ ਸਿੰਘ ਸੀਨੀਅਰ ਆਗੂ ਸਦਾਨੰਦ ਚੋਪੜਾ,ਪਵਨ ਪੁਰੀ,ਲਵ ਧਵਨ,ਗੋਰਖਾ ਤੋਂ ਇਲਾਵਾ ਭਾਜਪਾ ਦੇ ਉਮੀਦਵਾਰ ਗੀਟਾ ਰਾਣੀ, ਜੀਨਤ,ਗੁਰਭੇਜ ਸਿੰਘ,ਮਨਦੀਪ,ਜਤਿੰਦਰ ਸਿੰਘ,ਜਸਵਿੰਦਰ ਰਾਣੀ,ਦਲਬੀਰ ਸਿੰਘ, ਅਮੀਸ਼ਾ ਕੌਰ,ਗੁਰਮੇਲ ਸਿੰਘ,ਸ਼ੀਰੋ,ਰਾਜ ਗੁਸੈਨ,ਚੰਦਨ ਸਿੰਘ,ਅਮਰਜੀਤ ਕੌਰ,ਦਰਬਾਰਾ ਸਿੰਘ ਅਤੇ ਦੋਵੇਂ ਨਗਰ ਪੰਚਾਇਤਾਂ ਦੇ ਦਰਜਨਾਂ ਪਾਰਟੀ ਆਗੂ ਮੌਜੂਦ ਸਨ।

# ਕਾਨਪੁਰ ਚ ਔਰਤਾਂ ਨਾਲ ਛੇੜਛਾੜ ਤੇ ਹੱਤਿਆ ਦੇ ਮਾਮਲੇ ਵਧ ਰਹੇ ਹਨ।

ਕਾਨਪੁਰ:(ਸੁਨੀਲ ਬਾਜਪਾਈ) ਇੱਥੇ ਔਰਤਾਂ ਦੇ ਕਤਲ ਅਤੇ ਛੇੜਛਾੜ ਦੇ ਮਾਮਲੇ ਲਗਾਤਾਰ ਵੱਧਦੇ ਜਾ ਰਹੇ ਹਨ। ਇਸੇ ਸਿਲਸਿਲੇ ਵਿੱਚ ਇੱਕ ਵਿਦਿਆਰਥੀ ਦਾ ਵੀ ਕਤਲ ਕਰ ਦਿੱਤਾ ਗਿਆ। ਉਸ ਦੀ ਅਰਧ ਨਗਨ ਲਾਸ਼ ਉਸ ਦੇ ਆਪਣੇ ਬੈੱਡਰੂਮ ਵਿੱਚੋਂ ਬਰਾਮਦ ਹੋਈ। ਇਸ ਤੋਂ ਬਾਅਦ ਪੁਲਿਸ ਘਟਨਾ ਦੀ ਜਾਂਚ ਕਰ ਰਹੀ ਹੈ ਅਤੇ ਹੁਣ ਤੱਕ ਦੀ ਜਾਂਚ ਮੁਤਾਬਕ ਕਾਤਲ ਕਾਲੇ ਕੱਪੜੇ ਪਾ ਕੇ ਆਇਆ ਸੀ। ਚਾਹ ਪੀ ਕੇ ਉਸ ਨਾਲ ਵਿਆਹੁਤਾ ਸਬੰਧ ਬਣਾ ਲਏ। ਫਿਰ ਉਹ ਵਿਦਿਆਰਥੀ ਦਾ ਕਤਲ ਕਰਕੇ ਫ਼ਰਾਰ ਹੋ ਗਿਆ। ਪੁਲਿਸ ਨੂੰ ਵਿਦਿਆਰਥੀ ਦੀ ਨਾਬਾਲਗ ਭਤੀਜੀ ਦੇ ਬਿਆਨਾਂ ਦੇ ਆਧਾਰ ਤੇ ਆਸ਼ਾ ਬਾਰੇ ਜਾਣਕਾਰੀ ਮਿਲੀ ਹੈ, ਜਿਸ ਤੋਂ ਬਾਅਦ ਪੁਲਿਸ ਕਾਤਲਾਂ ਦਾ ਪਤਾ ਲਗਾਉਣ ਚ ਕਾਮਯਾਬ ਹੋ ਗਈ ਹੈ। ਜਿਸ ਦੇ ਚਲਦੇ ਘਟਨਾ ਚ ਸ਼ੱਕੀ ਸਮਝੇ ਗਏ ਦੋ ਨੌਜਵਾਨਾਂ ਨੂੰ ਹਿਰਾਸਤ ਚ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ।

ਇਹ ਘਟਨਾ ਸ਼ਿਵਰਾਜਪੁਰ ਥਾਣਾ ਖੇਤਰ ਚ 12ਵੀਂ ਜਮਾਤ ਦੀ ਵਿਦਿਆਰਥਣ ਨਾਲ ਵਾਪਰੀ।

ਜਾਣਕਾਰੀ ਦਿੰਦਿਆਂ ਐਡੀਸ਼ਨਲ ਸੀਪੀ ਹਰੀਸ਼ ਚੰਦਰ ਨੇ ਦੱਸਿਆ ਕਿ ਡਾਕਟਰਾਂ ਦੇ ਪੈਨਲ ਵੱਲੋਂ ਵਿਦਿਆਰਥੀ ਦੀ ਲਾਸ਼ ਦਾ ਪੋਸਟਮਾਰਟਮ ਅਤੇ ਵੀਡੀਓਗ੍ਰਾਫੀ ਕਰਵਾਉਣ ਤੋਂ ਬਾਅਦ ਉਸ ਦੇ ਆਧਾਰ ਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।



ਇਸ ਸਬੰਧੀ ਮੌਕੇ ਤੇ ਪਹੁੰਚੀ ਪੁਲਿਸ ਨੂੰ ਲੜਕੀ ਦੇ ਪਿਤਾ ਨੇ ਦੱਸਿਆ ਕਿ ਘਟਨਾ ਸਮੇਂ ਉਹ ਆਪਣੀ ਧੀ ਨੂੰ ਘਰ ਚ ਇਕੱਲਾ ਛੱਡ ਕੇ ਗਿਆ ਸੀ ਅਤੇ ਕਰੀਬ 4 ਵਜੇ ਉਹ ਆਪਣੀ ਪਤਨੀ ਨਾਲ ਕਿਸੇ ਰਿਸ਼ਤੇਦਾਰ ਦੇ ਘਰ ਵਿਆਹ ਸਮਾਗਮ ਚ ਗਿਆ ਹੋਇਆ ਸੀ । ਕਾਨਪੁਰ ਦੇਹਤ ਵਿੱਚ ਅਸਲਤਗੰਜ ਜਦੋਂ ਉਹ ਇਕੱਲੀ ਸੀ ਤਾਂ ਦੇਰ ਸ਼ਾਮ ਗੁਆਂਢ ਦੇ ਦੂਜੇ ਘਰ ਵਿੱਚ ਰਹਿੰਦੇ ਆਪਣੇ ਵੱਡੇ ਭਰਾ ਦੀ ਚਾਰ ਸਾਲਾ ਧੀ ਨੂੰ ਧੀ ਆਪਣੇ ਘਰ ਲੈ ਆਈ ਸੀ। ਸਵੇਰੇ ਜਦੋਂ ਮਾਸੂਮ ਬੱਚੀ ਦੀ ਮਾਂ ਉਸ ਨੂੰ ਲੈਣ ਆਈ ਤਾਂ ਰੋਂਦੀ ਹੋਈ ਧੀ ਨੇ ਕਿਹਾ ਕਿ ਉਸ ਦੀ ਮਾਸੀ ਨਹੀਂ ਜਾਗੀ। ਜਦੋਂ ਮ੍ਰਿਤਕਾ ਦੀ ਭਰਜਾਈ ਕਮਰੇ ਚ ਪਹੁੰਚੀ ਤਾਂ ਵਿਦਿਆਰਥੀ ਦੀ ਅੱਧਨੰਗੀ ਲਾਸ਼ ਕਮਰੇ ਚ ਮੰਜੇ ਤੇ ਪਈ ਸੀ।

ਪੁਲਸ ਪੁੱਛਗਿੱਛ ਦੌਰਾਨ ਮਾਸੂਮ ਭਤੀਜੀ ਨੇ ਪੁਲਸ ਨੂੰ ਦੱਸਿਆ ਕਿ ਉਹ ਬੈੱਡ ਤੇ ਪਈ ਆਪਣੀ ਮਾਸੀ ਦਾ ਫੋਨ ਦੇਖ ਰਹੀ ਸੀ। ਮਾਸੀ ਦੂਜੇ ਕਮਰੇ ਵਿੱਚ ਸੀ। ਇੱਥੇ ਇੱਕ ਨੌਜਵਾਨ ਕਾਲੇ ਕੱਪੜਿਆਂ ਵਿੱਚ ਆਇਆ ਸੀ। ਉਸ ਦੇ ਮੂੰਹ ਤੇ ਕੱਪੜਾ ਬੰਨ੍ਹਿਆ ਹੋਇਆ ਸੀ।

ਘਰ ਚ ਚਾਹ ਬਣਾਉਣ ਅਤੇ ਪੀਣ ਲਈ ਮਿਲੇ ਭਾਂਡੇ ਦੇਖ ਕੇ ਪੁਲਸ ਨੇ ਸ਼ੱਕ ਜ਼ਾਹਰ ਕੀਤਾ ਹੈ ਕਿ ਘਰ ਪਹੁੰਚਿਆ ਨੌਜਵਾਨ ਮ੍ਰਿਤਕ ਦਾ ਕੋਈ ਜਾਣ-ਪਛਾਣ ਵਾਲਾ ਸੀ। ਪੁਲਿਸ ਮੁਤਾਬਕ ਵਿਦਿਆਰਥਣ ਦਾ ਸਿਰ ਸਿਰਹਾਣੇ ਨਾਲ ਮੂੰਹ ਦਬਾ ਕੇ ਕਤਲ ਕੀਤਾ ਗਿਆ ਹੈ। ਕਾਤਲ ਦੀ ਭਾਲ ਜਾਰੀ ਹੈ।

# ਕੇਂਦਰ ਸਰਕਾਰ ਕਿਸਾਨ ਮੰਗਾਂ ਬਾਰੇ ਡੱਲੇਵਾਲ ਨਾਲ਼ ਗੱਲਬਾਤ ਕਰੇ



ਫਗਵਾੜਾ(ਸੁਸ਼ੀਲ ਸ਼ਰਮਾ) ਪੰਜਾਬੀ ਕਾਲਮਨਵੀਸ ਪੱਤਰਕਾਰ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਪਲਾਹੀ, ਜਨਰਲ ਸਕੱਤਰ ਗੁਰਚਰਨ ਸਿੰਘ ਨੂਰਪੁਰ, ਮੀਤ ਪ੍ਰਧਾਨ ਗਿਆਨ ਸਿੰਘ,ਸਾਬਕਾ ਡੀ.ਪੀ.ਆਰ.ਓ. ਸਲਾਹਕਾਰ ਡਾਕਟਰ ਚਰਨਜੀਤ ਸਿੰਘ ਗੁੰਮਟਾਲਾ ਨੇ ਇੱਕ ਸਾਂਝੇ ਬਿਆਨ ਵਿੱਚ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਲੰਮੇ ਸਮੇਂ ਤੋਂ ਲਟਕਦੀਆਂ ਕਿਸਾਨ ਮੰਗਾਂ ਬਾਰੇ ਮਰਨ ਵਰਤ ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਨਾਲ਼ ਗੱਲਬਾਤ ਕਰੇ ਅਤੇ ਉਹਨਾਂ ਦਾ ਮਰਨ ਵਰਤ ਖੁੱਲ੍ਹਵਾਏ।

ਪੰਜਾਬੀ ਕਾਲਮਨਵੀਸ ਮੰਚ ਨੇ ਕਿਸਾਨਾਂ ਨੂੰ ਫਸਲਾਂ ਦੀ ਐੱਮ.ਐੱਸ. ਪੀ. ਦੀ ਕਾਨੂੰਨੀ ਗਰੰਟੀ ਦੇਣ ਦੀ ਵਕਾਲਤ ਕੀਤੀ। ਮੰਚ ਕਾਰਕੁੰਨਾਂ ਨੇ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਖ਼ੁਦਕੁਸ਼ੀਆਂ ਤੇ ਚਿੰਤਾ ਪ੍ਰਗਟ ਕਰਦਿਆਂ ਇਹ ਵੀ ਸਲਾਹ ਦਿੱਤੀ ਕਿ ਕਿਸਾਨਾਂ, ਮਜ਼ਦੂਰਾਂ ਦੇ ਕਰਜ਼ੇ ਸਰਕਾਰ ਮੁਆਫ਼ ਕਰੇ ਤਾਂ ਕਿ ਕਿਸਾਨ ਅਤੇ ਮਜ਼ਦੂਰ ਤੰਗੀ ਤੁਰਸ਼ੀ ਅਤੇ ਮਾਨਸਿਕ ਤਣਾਅ ਦੇ ਜੀਵਨ ਵਿੱਚੋਂ ਬਾਹਰ ਨਿਕਲ਼ ਸਕਣ।

# ਫਤਿਹ ਮੀਨਾਰ,ਚੱਪੜਚਿੜੀ ਵਿਖੇ ਖੇਡੇ ਨਾਟਕ 'ਜ਼.ਫਰਨਾਮਾ' ਨੂੰ ਦੇਖਕੇ ਸੰਗਤਾਂ ਹੋਈਆਂ ਭਾਵੁਕ



ਖਰੜ (ਕਾਲਾ ਸਿੰਘ ਸੈਣੀ )-ਫਤਿਹ ਮੀਨਾਰ,ਚੱਪੜਚਿੜੀ ਦੇ ਓਪਨ ਏਅਰ ਥੀਏਟਰ 'ਚ ਪੰਜਾਬ ਲੋਕ ਰੰਗ (ਯੂ.ਐੱਸ.ਏ) ਸਤਿਕਾਰ ਰੰਗ ਮੰਚ ( ਰਜਿ.)ਮੋਹਾਲੀ ਦੇ ਸਾਂਝੇ ਉਪਰਾਲੇ ਨਾਲ ਲੇਖਕ ਅਤੇ ਨਿਰਦੇਸ਼ਕ ਸੁਰਿੰਦਰ ਸਿੰਘ ਧਨੋਆ ਦੀਆਂ ਨਿਰਦੇਸ਼ਨਾਂ ਹੇਠ ਪੰਜਾਬੀ ਧਾਰਮਿਕ ਨਾਟਕ 'ਜ਼.ਫਰਨਾਮਾ' ਫਤਿਹ ਦਾ ਪੱਤਰ ਖੇਡਿਆ ਗਿਆ। ਸ਼ਾਮ ਸਮੇਂ ਖੇਡੇ ਇਸ ਨਾਟਕ ਨੂੰ ਕੜਾਕੇ ਦੀ ਠੰਡ ਦੀ ਪ੍ਰਵਾਹ ਨਾ ਕਰਦਿਆਂ ਸੰਗਤਾਂ ਨੇ ਬਹੁਤ ਹੀ ਭਾਵੁਕਤਾ ਨਾਲ ਨਾਟਕ ਦੇਖਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਡੀਐਸਪੀ ਕਰਨੈਲ ਸਿੰਘ,ਪਰਵਿੰਦਰ ਸਿੰਘ ਸੋਹਾਣਾ,ਹਲਕਾ ਇੰਚਾਰਜ ਸ੍ਰੋਮਣੀ ਅਕਾਲੀ ਦਲ ਮੋਹਾਲੀ,ਬੀਬੀ ਪਰਮਜੀਤ ਕੌਰ ਲਾਂਡਰਾਂ ਮੈਂਬਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਹੋਰਾਂ ਨੇ ਸਿਰਕਤ ਕੀਤੀ। ਉਨਾਂ ਸਮੂਹ ਟੀਮ ਦੀ ਸਲਾਘਾ ਕਰਦਿਆਂ ਕਿਹਾ ਕਿ ਮੋਬਾਇਲ ਕਲਚਰ ਨਾਲ ਸਾਡੀ ਅਜੋਕੀ ਪੀੜੀ ਆਪਣੀ ਵਿਰਾਸਤ ਆਪਣੇ ਮਾਣਮੱਤੇ ਇਤਿਹਾਸ ਤੋਂ ਵੀ ਅਣਜਾਣ ਹੁੰਦੀ ਜਾ ਰਹੀ ਹੈ। ਉਨਾਂ ਕਿਹਾ ਕਿ ਸਾਨੂੰ ਲੋੜ ਹੈ ਰੰਗ ਮੰਚ ਰਾਹੀ ਖੇਡੇ ਜਾਂਦੇ ਇਨਾਂ ਧਾਰਮਿਕ ਨਾਟਕਾਂ ਨੂੰ ਆਪਣੇ ਬੱਚਿਆਂ ਨੂੰ ਜੂਰਰ ਦਿਖਾਉਣੇ ਚਾਹੀਦੇ ਹਾਂ ਤਾਂ ਜੋ ਅਜੋਕੀ ਪੀੜੀ ਆਪਣੇ ਇਤਿਹਾਸ ਅਤੇ ਵਿਰਾਸਤ ਨਾਲ ਜੁੜ ਸਕੇ। ਇਸ ਮੌਕੇ ਡੀਐਸਪੀ ਕਰਨੈਲ ਸਿੰਘ ਨੇ ਬੋਲਦਿਆਂ ਕਿਹਾ ਨੌਜਵਾਨਾਂ ਨੂੰ ਨਸ਼ਿਆਂ ਨੂੰ ਤਿਆਗ ਕੇ ਇਤਿਹਾਸ ਨਾਲ ਜੁੜਨਾ ਚਾਹੀਦਾ ਹੈ। ਉਨਾਂ ਨਾਟਕ ਦੇ ਕਲਾਕਾਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ। ਇਸ ਮੌਕੇ ਸੁਰਿੰਦਰ ਸਿੰਘ ਧਨੋਆ ਅਤੇ ਜਸਬੀਰ ਗਿੱਲ ਨੇ ਆਇਆਂ ਸਖ਼ਸ਼ੀਅਤਾਂ ਦਾ ਧੰਨਵਾਦ ਕਰਦਿਆਂ ਰੰਗ ਮੰਚ ਲਈ ਮੋਹਾਲੀ ਅਤੇ ਖਰੜ ਦੇ ਵਿੱਚ ਇਕ ਵਧਿਆ ਆਡੀਟੋਰੀਅਮ ਨਾ ਹੋਣ ਦੀ ਘਾਟ ਨੂੰ ਪੂਰਾ ਕਰਨ ਦੀ ਮੰਗ ਰੱਖੀ। ਇਸ ਮੌਕੇ ਗੀਤਕਾਰ ਪਾਲੀ ਗਿੱਦੜਵਾਹਾ,ਗੁਰਮੀਤ ਸਿੰਘ ਘੜੂੰਆ,ਹਰਦੀਪ ਸਿੰਘ ਬਠਲਾਣਾ ਪੁਆਧੀ ਮੰਚ ਮੋਹਾਲੀ,ਬਲਜੀਤ ਸਿੰਘ ਧਨੋਆ,ਗੁਰਮੀਤ ਸਿੰਘ ਬੈਦਵਾਨ,ਕਮਲਜੀਤ ਸਿੰਘ ਲੌਂਗੀਆ,ਉੱਜਲ ਸਿੰਘ ਲੌਂਗੀਆ,ਬਲਕਾਰ ਸਿੰਘ ਮਗਰ,ਰਾਜਿੰਦਰ ਸਿੰਘ ਮਨੈਜਰ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਸਮੇਤ ਹੋਰ ਸਖ਼ਸ਼ੀਅਤਾਂ ਹਾਜ਼ਰ ਸਨ।

# ਲਾਇਨ ਗੁਰਦੀਪ ਸਿੰਘ ਕੰਗ ਨੇ ਬਾਬਾ ਬਾਲਕ ਨਾਥ ਧਾਮ ਦੇ ਦਰਸ਼ਨਾਂ ਲਈ ਜੱਥੇ ਦੀ ਬੱਸ ਨੂੰ ਕੀਤਾ ਰਵਾਨਾ




ਫਗਵਾੜਾ ( ਸੁਸ਼ੀਲ ਸ਼ਰਮਾ ) ਬਾਬਾ ਬਾਲਕ ਨਾਥ ਸੇਵਕ ਮੰਡਲੀ ਵੱਲੋਂ ਪੋਹ ਮਹੀਨੇ ਦੇ ਜੇਠੇ ਐਤਵਾਰ ਨੂੰ ਦਿਓਟਸਿੱਧ ਬਾਬਾ ਬਾਲਕ ਨਾਥ ਜੀ ਦੀ ਪਵਿੱਤਰ ਗੁਫਾ ਦੇ ਦਰਸ਼ਨਾਂ ਲਈ ਪਹਿਲੀ ਫਰੀ ਬੱਸ ਸੇਵਾ ਰਵਾਨਾ ਕੀਤੀ ਗਈ। ਸ਼ਰਧਾਲੂ ਸੰਗਤਾਂ ਦੇ ਜੱਥੇ ਨੂੰ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਨੇ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਤੋਂ ਪਹਿਲਾਂ ਬਾਬਾ ਬਾਲਕ ਨਾਥ ਜੀ ਦੇ ਜੈਕਾਰਿਆਂ ਦੀ ਗੂੰਜ ਹੇਠ ਧਾਰਮਿਕ ਰਸਮਾਂ ਹੋਈਆਂ। ਉਪਰੰਤ ਨਾਰੀਅਲ ਤੋੜਿਆ ਗਿਆ। ਲਾਇਨ ਗੁਰਦੀਪ ਸਿੰਘ ਕੰਗ ਨੇ ਬਾਬਾ ਜੀ ਦੀ ਪਵਿੱਤਰ ਗੁਫਾ ਦੇ ਖੁੱਲ੍ਹੇ ਦਰਸ਼ਨ ਦੀਦਾਰ ਦੀ ਅਰਦਾਸ ਦੇ ਨਾਲ ਸੰਗਤ ਨੂੰ ਸਫਲ ਯਾਤਰਾ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਉਹਨਾਂ ਪ੍ਰਾਰਥਨਾ ਕੀਤੀ ਕਿ ਕਿ ਬਾਬਾ ਬਾਲਕ ਨਾਥ ਜੀ ਸੱਭ ਭਗਤਾਂ ਦੇ ਸਿਰ ਉੱਪਰ ਆਪਣਾ ਮਿਹਰ ਭਰਿਆ ਹੱਥ ਰੱਖਣ। ਸੱਭ ਦੀਆ ਆਸਾਂ-ਮੁਰਾਦਾ ਪੂਰੀਆਂ ਹੋਣ। ਬਾਬਾ ਜੀ ਦੇ ਸਮੂਹ ਭਗਤ ਹਮੇਸ਼ਾ ਚੜ੍ਹਦੀ ਕਲਾ ਵਿਚ ਰਹਿਣ। ਜਿਕਰਯੋਗ ਹੈ ਕਿ ਲਾਇਨ ਗੁਰਦੀਪ ਸਿੰਘ ਕੰਗ ਅਤੇ ਉਹਨਾਂ ਦਾ ਪਰਿਵਾਰ ਬਾਬਾ ਬਾਲਕ ਨਾਥ ਜੀ ਵਿਚ ਡੂੰਘੀ ਸ਼ਰਧਾ ਰੱਖਦਾ ਹੈ। ਇਸ ਮੌਕੇ ਨਰੇਸ਼ ਕੁਮਾਰ, ਰਾਜ, ਟੌਮਸ ਸੋਨੂੰ, ਰਾਜੂ, ਗਗਨ, ਸੰਦੀਪ ਸੁਰਿੰਦਰ, ਸੁਮਿਤ, ਕੁਲਵਿੰਦਰ, ਕਾਲਾ, ਰਿੰਪੀ, ਅਮਰ, ਸੁੱਖਾ, ਪੁਨੀਤ ਮਿਸ਼ਰਾ, ਮਨਜਿੰਦਰ ਆਦਿ ਹਾਜਰ ਸਨ।

# ਖ਼ਾਲਸਾ ਕਾਲਜ ਵਿਖੇ 'ਇੰਟਰਨੈਸ਼ਨਲ ਲਾਅ ਕਾਨਫ਼ਰੰਸ-2024' ਆਯੋਜਿਤ

## ਜਸਟਿਸ ਲੀਸਾ ਗਿੱਲ, ਜਸਟਿਸ ਸੇਠੀ ਅਤੇ ਜਸਟਿਸ ਪੁਰੀ ਨੇ ਕੀਤਾ ਸੰਬੋਧਨ

ਅੰਮ੍ਰਿਤਸਰ / (ਲੋਕ ਬਾਣੀ) ਖ਼ੁਦਮੁਖ਼ਤਿਆਰ ਸੰਸਥਾ ਖ਼ਾਲਸਾ ਕਾਲਜ ਦੇ ਸੁੰਦਰ ਸਿੰਘ ਮਜੀਠੀਆ ਹਾਲ ਵਿਖੇ ਅੱਜ ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ ਚੰਡੀਗੜ੍ਹ ਵੱਲੋਂ ਖਾਲਸਾ ਕਾਲਜ ਆਫ਼ ਲਾਅ ਦੇ ਸਹਿਯੋਗ ਨਾਲ ਕਰਵਾਈ ਗਈ 'ਇੰਟਰਨੈਸ਼ਨਲ ਲਾਅ ਕਾਨਫ਼ਰੰਸ-2024' ਮੌਕੇ ਪੰਜਾਬ ਐਂਡ ਹਰਿਆਣਾ ਹਾਈਕੋਰਟ ਦੇ ਜਸਟਿਸ ਸ੍ਰੀਮਤੀ ਲੀਸਾ ਗਿੱਲ, ਜਸਟਿਸ ਸ: ਹਰਸਿਮਰਨ ਸਿੰਘ ਸੇਠੀ ਅਤੇ ਜਸਟਿਸ ਸ: ਜਸਗੁਰਪ੍ਰੀਤ ਸਿੰਘ ਪੁਰੀ ਨੇ ਸੰਬੋਧਨ ਕਰਦਿਆਂ ਕਾਨੂੰਨੀ ਮਾਹਿਰਾਂ ਨੂੰ ਸਮਾਜ ਦੇ ਹਰੇਕ ਵਰਗ ਨੂੰ ਇਨਸਾਫ਼ ਪ੍ਰਦਾਨ ਕਰਨ ਲਈ ਹਰ ਹੀਲਾ ਵਰਤਣ ਦੀ ਅਪੀਲ ਕੀਤੀ।

ਉਨ੍ਹਾਂ ਨੇ ਸਾਂਝੇ ਤੌਰ 'ਤੇ ਆਪਣੇ ਸੰਬੋਧਨ ਦੌਰਾਨ ਕਾਨੂੰਨੀ ਬੁੱਧੀਜੀਵੀਆਂ ਨੂੰ ਦਰਪੇਸ਼ ਚੁਣੌਤੀਆਂ ਦਾ ਵਰਨਣ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਸਮਾਜ 'ਚ ਨਿਯਮਾਂ ਨੂੰ ਲਾਗੂ ਕਰਨ ਸਬੰਧੀ ਪੇਚੀਦਗੀਆਂ ਵੱਧ ਰਹੀਆਂ ਹਨ, ਵਕੀਲਾਂ ਅਤੇ ਜੱਜ ਸਾਹਿਬਾਨ ਸਾਹਮਣੇ ਨਵੀਆਂ ਚੁਣੌਤੀਆਂ ਉਭਰ ਰਹੀਆਂ ਹਨ। ਉਨ੍ਹਾਂ ਨਿਆਂ ਪ੍ਰਣਾਲੀ ਨੂੰ ਚੁਸਤ-ਦਰੁਸਤ ਕਰਨ ਲਈ ਉੱਚ ਨੈਤਿਕ ਕਦਰਾਂ-ਕੀਮਤਾਂ ਨੂੰ ਅਪਨਾਉਣ 'ਤੇ ਜ਼ੋਰ ਦਿੱਤਾ। ਜ਼ਿਕਰਯੋਗ ਹੈ ਕਿ ਉਕਤ ਕਾਨਫਰੰਸ ਨਾਲ ਸਬੰਧਿਤ ਪਹਿਲਾਂ ਸੈਸ਼ਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਕਰਵਾਇਆ ਗਿਆ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਇਹ ਕਾਨਫਰੰਸ ਅੰਮ੍ਰਿਤਸਰ ਜ਼ਿਲ੍ਹਾ ਬਾਰ ਦੇ ਸਹਿਯੋਗ ਨਾਲ ਕਰਵਾਈ ਗਈ। ਉਕਤ ਜੱਜ ਸਾਹਿਬਾਨ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਉੱਚੇ ਨੈਤਿਕ ਚਰਿੱਤਰ ਅਤੇ ਸੱਚੇ ਜੀਵਨ ਨੂੰ ਅਪਨਾ ਕੇ ਹੀ ਅਸੀ ਸਮਾਜ ਦੇ ਲੋੜੀਂਦੇ ਵਰਗ ਨੂੰ ਇਨਸਾਫ਼ ਦਿਵਾਉਣ 'ਚ ਕਾਮਯਾਬ ਹੋ ਸਕਦੇ ਹਾਂ। ਉਨ੍ਹਾਂ ਕਿਹਾ ਕਿ ਸਮਾਜ 'ਚ ਵੱਧ ਰਹੀ ਮੁਕੱਦਮੇਬਾਜ਼ੀ ਕਾਰਨ ਕਾਨੂੰਨੀ ਮਾਹਿਰਾਂ ਵੱਲੋਂ ਸਮੇਂ ਸਿਰ ਅਤੇ ਤੇਜ਼ੀ ਨਾਲ ਇਨਸਾਫ਼ ਪ੍ਰਦਾਨ ਕਰਨਾ ਇਕ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਾਨੂੰਨ ਦੇ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ, ਅਸਫ਼ਲਤਾਵਾਂ ਤੋਂ ਸਿੱਖਣ ਅਤੇ ਆਪਣੇ ਚੁਣੇ ਹੋਏ ਚੁਣੌਤੀਪੂਰਨ ਕਾਨੂੰਨੀ ਕਰੀਅਰ 'ਚ ਉਪਲਬੱਧੀਆਂ ਪ੍ਰਾਪਤ ਕਰਨ ਲਈ ਆਪਣੀ ਆਤਮਿਕ ਜਜਬੇ 'ਚ ਵਿਸ਼ਵਾਸ ਕਰਨ ਲਈ ਕਿਹਾ।

ਰੋਜ਼ਾਨਾ ਲੋਕ ਬਾਣੀ
www.lokbani

ਇਸ ਤੋਂ ਪਹਿਲਾਂ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਖ਼ਾਲਸਾ ਕਾਲਜ ਆਫ਼ ਲਾਅ ਦੇ ਡਾਇਰੈਕਟਰ ਡਾ. ਜਸਪਾਲ ਸਿੰਘ ਨਾਲ ਮਿਲ ਕੇ ਆਏ ਹੋਏ ਜੱਜ ਸਾਹਿਬਾਨ ਦਾ ਮੁਮੈਂਟੋ ਦੇ ਕੇ ਸਵਾਗਤ ਕੀਤਾ।

# ਐਨ.ਆਰ.ਆਈ ਗਰਗ ਨੇ ਵਿਦਿਆਰਥੀਆਂ ਨੂੰ ਮੋਰਨੀ ਹਿੱਲਜ਼ ਦੀ ਮੁਫਤ ਯਾਤਰਾ ਕਰਵਾਈ



ਚੰਡੀਗੜ੍ਹ। (ਲੋਕ ਬਾਣੀ) ਐਨ.ਆਰ.ਆਈ.ਸੁਦਰਸ਼ਨ ਗਰਗ ਨੇ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਦਰੀਆ, ਚੰਡੀਗੜ੍ਹ ਦੇ ਵਿਦਿਆਰਥੀਆਂ ਨੂੰ ਮੋਰਨੀ ਹਿੱਲਜ਼ ਦੀ ਮੁਫ਼ਤ ਯਾਤਰਾ ਕਰਵਾਈ। ਇਸ ਯਾਤਰਾ ਤੇ ਸਕੂਲ ਸਟਾਫ਼ ਮੈਂਬਰਾਂ ਦੇ ਨਾਲ ਕਰੀਬ 110 ਵਿਦਿਆਰਥੀ ਗਏ। ਇਸ ਲਈ ਦੋ ਲਗਜ਼ਰੀ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਸੀ। ਸਾਰੇ ਬੱਚਿਆਂ ਨੇ ਪਹਿਲੀ ਵਾਰ ਪਹਾੜਾਂ ਦਾ ਦੌਰਾ ਕੀਤਾ। ਸਾਰੇ ਵਿਦਿਆਰਥੀ ਇਸ ਯਾਤਰਾ ਨੂੰ ਲੈ ਕੇ ਬਹੁਤ ਉਤਸ਼ਾਹਿਤ ਸਨ। ਲੰਮੀਆਂ ਪਹਾੜੀਆਂ, ਵਗਦੀਆਂ ਨਦੀਆਂ, ਪਹਾੜਾਂ ਤੇ ਬਣੇ ਘਰ ਅਤੇ ਫੁੱਟਪਾਥਾਂ ਤੋਂ ਲੰਘਦੇ ਲੋਕਾਂ ਨੂੰ ਦੇਖ ਕੇ ਉਸ ਦਾ ਮਨ ਉਤਸ਼ਾਹ ਨਾਲ ਭਰ ਗਿਆ। ਕੈਂਪ ਵਾਲੀ ਥਾਂ ਉੱਚੀ ਪਹਾੜੀ ਉੱਤੇ ਸੀ। ਪੱਥਰ ਦੀਆਂ ਬਣੀਆਂ ਪੌੜੀਆਂ ਅਦਭੁਤ ਲੱਗ ਰਹੀਆਂ ਸਨ। ਰਸਤਾ ਬੇਸ਼ੱਕ ਔਖਾ ਸੀ ਪਰ ਮਨ ਵਿੱਚ ਜੋਸ਼ ਹੋਣ ਕਰਕੇ ਆਸਾਨ ਸੀ। ਕੈਂਪ ਵਾਲੀ ਥਾਂ ਦੇ ਚਾਰੇ ਪਾਸੇ ਉੱਚੀਆਂ ਪਹਾੜੀ ਚੋਟੀਆਂ ਅਤੇ ਡੂੰਘੀਆਂ ਖੱਡਾਂ ਕੈਂਪ ਦੀ ਖ਼ੂਬਸੂਰਤੀ ਨੂੰ ਹੋਰ ਵਧਾ ਰਹੀਆਂ ਸਨ। ਪਾਈਨ ਦੇ ਰੁੱਖਾਂ ਨੇ ਪਹਾੜਾਂ ਨੂੰ ਹਰਿਆਲੀ ਨਾਲ ਢੱਕਿਆ ਹੋਇਆ ਸੀ। ਬੱਚਿਆਂ ਨੇ ਝੂਲਿਆਂ ਦਾ ਆਨੰਦ ਮਾਣਿਆ।ਰੱਸੀ ਦੇ ਬਣੇ ਜਾਲ ਨਾਲ ਚੜ੍ਹਿਆ। ਤਾਰਾਂ ਤੇ ਸਾਈਕਲ ਦੀ ਸਵਾਰੀ ਮੁੱਖ ਆਕਰਸ਼ਣ ਸੀ। ਬੱਚਿਆਂ ਅਤੇ ਅਧਿਆਪਕਾਂ ਨੇ ਵੱਖ-ਵੱਖ ਗੀਤਾਂ ਦੀ ਤਰਜ਼ ਤੇ ਡਾਂਸ ਪੇਸ਼ ਕੀਤਾ। ਐਨਆਰਆਈ ਸੁਦਰਸ਼ਨ ਗਰਗ ਵੱਲੋਂ ਲਾਈਵ ਕੁਕਿੰਗ ਦਾ ਵੀ ਪ੍ਰਬੰਧ ਕੀਤਾ ਗਿਆ। ਹਾਜ਼ਰ ਸਾਰੇ ਬੱਚਿਆਂ ਅਤੇ ਲੋਕਾਂ ਨੂੰ ਗਰਮਾ-ਗਰਮ ਜਲੇਬੀ, ਪਕੌੜੇ ਅਤੇ ਚਨਾ ਪੁਰੀ ਵੰਡੀ ਗਈ।ਸਾਰਿਆਂ ਨੇ ਐਨਆਰਆਈ ਸੁਦਰਸ਼ਨ ਗਰਗ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦੌਰਾਨ ਡਾ: ਵਿਨੋਦ ਸ਼ਰਮਾ, ਅਨੀਤਾ ਗਰਗ, ਜਸਬੀਰ ਕੁੰਡੂ, ਅੰਜੂ ਮੌਦਗਿਲ, ਆਰੀਆ ਫ੍ਰੀ ਟਿਊਸ਼ਨ ਸੈਂਟਰ ਦੇ ਸਟਾਫ਼ ਆਦਿ ਦੀ ਭਰਵੀਂ ਹਾਜ਼ਰੀ ਸੀ ।

ਰੋਜ਼ਾਨਾ ਲੋਕ ਬਾਣੀ
www.lokbani

## ਲਾਸਾਨੀ ਕੁਰਬਾਨੀ

ਯਾਦ ਕਰੋ ਮਾਸੂਮਾਂ ਦੀ ਉਸ, ਲਾਸਾਨੀ ਕੁਰਬਾਨੀ ਨੂੰ।
ਕੌਮ ਦੀ ਖਾਤਰ ਵਾਰ ਗਏ ਜੋ, ਬਹੁਮੁੱਲੀ ਜ਼ਿੰਦਗਾਨੀ ਨੂੰ॥

ਨੌ ਵਰ੍ਹਿਆਂ ਦਾ ਜ਼ੋਰਾਵਰ ਸਿੰਘ, ਫ਼ਤਹਿ ਸਿੰਘ ਸੱਤ ਸਾਲਾਂ ਦਾ।
ਕਿਵੇਂ ਭੁਲਾਈਏ ਅਸੀਂ ਦਿਲਾਂ ਚੋਂ, ਧਰਮ ਸ਼ਹੀਦੀ ਲਾਲਾਂ ਦਾ।
ਮੁਗਲ ਬੀਜ ਦਾ ਬੂਟਾ ਪੁੱਟਿਆ, ਤੋੜ ਕੇ ਜਿੰਦ ਦੀ ਗਾਨੀ ਨੂੰ॥
ਯਾਦ ਕਰੋ ਮਾਸੂਮਾਂ ਦੀ ਉਸ...

ਗੰਗੂ ਬਾਹਮਣ ਪਾਪ ਕਮਾਇਆ, ਲੋਭ ਲਾਲਚ ਦੇ ਵੱਸ ਪਿਆ।
ਕੀਤੀ ਸੇਵਾ ਗੁਰੂ-ਘਰ ਦੀ ਜੋ, ਸਭ ਕੁਝ ਅੰਦਰੋਂ ਨੱਸ ਗਿਆ।
ਲੋਭੀ ਬੰਦਾ ਕਦੇ ਨਾ ਸੋਚੇ, ਆਪਣੇ ਲਾਭ ਜਾਂ ਹਾਨੀ ਨੂੰ॥
ਯਾਦ ਕਰੋ ਮਾਸੂਮਾਂ ਦੀ ਉਸ...

ਮਾਂ ਗੁਜਰੀ ਤੇ ਛੋਟੇ ਬੱਚੇ, ਠੰਢੇ ਬੁਰਜ ਚ ਬੰਦ ਰਹੇ।
ਪੋਹ ਦੇ ਓਸ ਭਿਆਨਕ ਸਾਕੇ, ਨੂੰ ਅੱਜ ਤੱਕ ਸਰਹਿੰਦ ਕਹੇ।
ਬੁੱਢੇ ਹੱਡਾਂ ਨਾਲ ਰੋਕੇ ਦਾਦੀ, ਪੈਂਦੀ ਠੰਢ ਤੂਫਾਨੀ ਨੂੰ॥
ਯਾਦ ਕਰੋ ਮਾਸੂਮਾਂ ਦੀ ਉਸ...

ਨੀਂਹਾਂ ਦੇ ਵਿੱਚ ਚਿਣੇ ਗਏ ਪਰ, ਸਿੱਖੀ ਮਹਿਲ ਉਸਾਰ ਗਏ।
ਦਸਮ ਪਿਤਾ ਜੀ ਦੇਸ਼-ਧਰਮ ਤੋਂ, ਆਪਣੇ ਬੇਟੇ ਵਾਰ ਗਏ।
ਲੱਖ-ਲੱਖ ਹੈ ਪ੍ਰਣਾਮ ਅਸਾਡਾ, ਮਹਾਂਬਲੀ ਸੈਨਾਨੀ ਨੂੰ॥
ਯਾਦ ਕਰੋ ਮਾਸੂਮਾਂ ਦੀ ਉਸ...

ਧੌਣ ਨਾ ਮੂਲ ਝੁਕਾਈ ਐਪਰ, ਨੋਕ ਵਿਖਾਈ ਜੁੱਤੀ ਦੀ।
ਫਤਹਿ ਗਜਾਈ ਵਿੱਚ ਕਚਹਿਰੀ, ਜਾਗੀ ਦੁਨੀਆਂ ਸੁੱਤੀ ਜੀ।
ਸੂਬੇ, ਕਾਜ਼ੀ ਵਰਗਿਆਂ ਦੀ ਇੰਜ, ਤੋੜ ਦਿੱਤਾ ਅਭਿਮਾਨੀ ਨੂੰ॥
ਯਾਦ ਕਰੋ ਮਾਸੂਮਾਂ ਦੀ ਉਸ...

ਵਿਸ਼ਵ ਚ ਅੱਜ ਤੱਕ ਕਦੇ ਨਾ ਹੋਇਆ, ਫੇਰ ਕਦੇ ਨਾ ਹੋਵੇਗਾ।
ਨਿੱਕੀਆਂ ਜਿੰਦਾਂ ਦਾ ਕੌਤਕ ਸੁਣ, ਰੂਹੀ ਦਾ ਮਨ ਰੋਵੇਗਾ। ਸਿੰਘੋ !
ਵਿਰਸੇ ਨੂੰ ਸੰਭਾਲੋ, ਨਾ ਰੋਲੋ ਬਲੀਦਾਨੀ ਨੂੰ॥

ਯਾਦ ਕਰੋ ਮਾਸੂਮਾਂ ਦੀ ਉਸ, ਲਾਸਾਨੀ ਕੁਰਬਾਨੀ ਨੂੰ।
ਕੌਮ ਦੀ ਖਾਤਰ ਵਾਰ ਗਏ ਜੋ, ਬਹੁਮੁੱਲੀ ਜ਼ਿੰਦਗਾਨੀ ਨੂੰ॥



ਰੋਜ਼ਾਨਾ ਲੋਕ ਬਾਣੀ
www.lokbani

ਪ੍ਰੋ. ਨਵ ਸੰਗੀਤ ਸਿੰਘ
1, ਲਤਾ ਗਰੀਨ ਐਨਕਲੇਵ,
ਪਟਿਆਲਾ-147002.
9417692015.

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਏ.ਪੀ.ਜੇ. ਸਕੂਲ ਵਲੋਂ ਸਾਲਾਨਾ ਪ੍ਰੋਗਰਾਮ ਕਰਵਾਇਆ




ਖਰੜ, ( ਕਾਲਾ ਸਿੰਘ ਸੈਣੀ )-ਏਪੀਜੇ ਪਬਲਿਕ ਸਕੂਲ ਵਲੋਂ ਲੜਕਿਆਂ (1 ਤੋਂ 8) ਲਈ ਆਪਣਾ ਸਲਾਨਾ ਸਮਾਰੋਹ ਸਮਾਗਮਾਂ ਦੀ ਇੱਕ ਜੀਵੰਤ ਲੜੀ ਨਾਲ ਮਨਾਇਆ। ਦਿਨ ਦੀ ਸ਼ੁਰੂਆਤ ਗ੍ਰੇਡ 1 ਤੋਂ 3 ਦੇ ਮੁੰਡਿਆਂ ਲਈ ਫੈਂਸੀ ਡਰੈੱਸ ਮੁਕਾਬਲੇ ਨਾਲ ਹੋਈ। ਨੌਜਵਾਨ ਭਾਗੀਦਾਰਾਂ ਨੇ ਵਿਭਿੰਨ ਕਿਸਮ ਦੇ ਪੁਸ਼ਾਕ ਪਹਿਨ ਕੇ ਆਪਣੀ ਸਿਰਜਣਾਤਮਕਤਾ ਅਤੇ ਕਲਪਨਾ ਦਾ ਪ੍ਰਦਰਸ਼ਨ ਕੀਤਾ, ਇਸ ਨੂੰ ਸਾਰਿਆਂ ਲਈ ਇੱਕ ਅਨੰਦਦਾਇਕ ਅਤੇ ਮਜ਼ੇਦਾਰ ਅਨੁਭਵ ਬਣਾਇਆ ਗਰੇਡ 4 ਤੋਂ 8 ਤੱਕ ਦੇ ਲੜਕਿਆਂ ਦਾ ਸਲਾਨਾ ਸਮਾਗਮ ਦਿਨ ਦੀ ਖਾਸ ਗੱਲ ਸੀ। ਵਿਦਿਆਰਥੀਆਂ ਨੇ ਡਾਂਸ,ਸੰਗੀਤਅਤੇ ਨਾਟਕ ਸਮੇਤ ਦਿਲਚਸਪ ਪ੍ਰਦਰਸ਼ਨਾਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਉਨਾਂ ਦੀ ਮਿਹਨਤ ਅਤੇ ਜੋਸ਼ ਹਰ ਐਕਟ ਵਿੱਚ ਝਲਕਦਾ ਸੀ, ਜਿਸ ਨੇ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ।ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਕਲਾਤਮਕ ਹੁਨਰ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਕਲਾ ਪ੍ਰਦਰਸ਼ਨੀ ਵੀ ਲਗਾਈ ਗਈ। ਪ੍ਰਦਰਸ਼ਨੀ ਵਿੱਚ ਚਿੱਤਰਕਾਰੀ, ਸਕੈਚ ਅਤੇ ਸ਼ਿਲਪਕਾਰੀ ਸਮੇਤ ਕਲਾਕਾਰੀ ਦੀ ਇੱਕ ਪ੍ਰਭਾਵਸ਼ਾਲੀ ਸ਼੍ਰੇਣੀ ਨੂੰ ਪ੍ਰਦਰਸ਼ਿਤ ਕੀਤਾ ਗਿਆ ਸੀ। ਇਸਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ ਨੂੰ ਪ੍ਰਗਟ ਕਰਨ ਅਤੇ ਉਹਨਾਂ ਦੀ ਕਲਾਤਮਕ ਪ੍ਰਤਿਭਾ ਲਈ ਮਾਨਤਾ ਪ੍ਰਾਪਤ ਕਰਨ ਲਈ ਇੱਕ ਸ਼ਾਨਦਾਰ ਪਲੇਟਫਾਰਮ ਪ੍ਰਦਾਨ ਕੀਤਾ ਏਪੀਜੇ ਪਬਲਿਕ ਸਕੂਲ ਵਿੱਚ ਮੁੰਡਿਆਂ ਦੀਆਂ ਪ੍ਰਾਪਤੀਆਂ ਅਤੇ ਸਿਰਜਣਾਤਮਕਤਾ ਦਾ ਜਸ਼ਨ ਮਨਾਉਣ ਲਈ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਇਕੱਠੇ ਕਰਨ ਲਈ ਇਹ ਸਮਾਗਮ ਇੱਕ ਸ਼ਾਨਦਾਰ ਸਫ਼ਲ ਰਿਹਾ। ਇਹ ਖੁਸ਼ੀ, ਪ੍ਰਤਿਭਾ ਅਤੇ ਉਤਸ਼ਾਹ ਨਾਲ ਭਰਿਆ ਦਿਨ ਸੀ। ਸੰਸਥਾ ਦੇ ਮੁਖੀ ਸ੍ਰੀ ਜਸਵੀਰ ਚੰਦਰ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਪੈਸੇ ਨਾਲੋਂ ਵਧੇਰੇ ਸ਼ਕਤੀਸ਼ਾਲੀ ਹੈ ਕਿਉਂਕਿ ਗਿਆਨ ਬੱਚੇ ਦਾ ਭਵਿੱਖ ਅਤੇ ਚਰਿੱਤਰ ਘੜਦਾ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਕਾਰਾਤਮਕ ਅਤੇ ਸਾਰਥਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨ। ਸਿੱਖਣ ਅਤੇ ਨਿੱਜੀ ਵਿਕਾਸ 'ਤੇ ਧਿਆਨ ਕੇਂਦ੍ਰਤ ਕਰਨ ਨੂੰ ਉਤਸ਼ਾਹਿਤ ਕਰਨ ਨਾਲ ਭੌਤਿਕ ਦੌਲਤ ਤੋਂ ਕਿਤੇ ਵੱਧ ਸਫਲਤਾ ਅਤੇ ਪੂਰਤੀ ਹੋ ਸਕਦੀ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਆਈ.ਸੀ.ਆਈ.ਸੀ.ਆਈ. ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਵਿੱਤੀ ਸਾਲ 25 ਦੀ ਦੂਜੀ ਤਿਮਾਹੀ ਵਿੱਚ ਸਿਰਫ਼ 1.2 ਦਿਨਾਂ ਵਿੱਚ 99.04% ਦਾਅਵਿਆਂ ਦਾ ਨਿਪਟਾਰਾ ਕੀਤਾ

ਪਟਿਆਲਾ (ਲੋਕ ਬਾਣੀ): ਆਈ.ਸੀ.ਆਈ.ਸੀ.ਆਈ. ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਜੁਲਾਈ 2024 ਤੋਂ ਸਤੰਬਰ 2024 ਦੀ ਮਿਆਦ ਲਈ 99.04% ਦਾ ਦਾਅਵਾ ਨਿਪਟਾਰਾ ਅਨੁਪਾਤ ਐਲਾਨਿਆ ਹੈ, ਜੋ ਕਿ ਉਦਯੋਗ ਵਿੱਚ ਸਭ ਤੋਂ ਵੱਧ ਹੈ। ਮਹੱਤਵਪੂਰਨ ਗੱਲ ਇਹ ਹੈ ਕਿ ਮੌਤ ਦੇ ਦਾਅਵੇ ਦਾ ਨਿਪਟਾਰਾ ਕਰਨ ਲਈ ਔਸਤ ਸਮਾਂ ਸਿਰਫ਼ 1.2 ਦਿਨ ਸੀ। ਆਈ.ਸੀ.ਆਈ.ਸੀ.ਆਈ. ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੇ ਮੁੱਖ ਸੰਚਾਲਨ ਅਧਿਕਾਰੀ ਸ਼੍ਰੀ ਅਮੀਸ਼ ਬੈਂਕਰ ਨੇ ਕਿਹਾ, ਇੱਕ ਦਾਅਵਾ ਸੱਚਾਈ ਦਾ ਅੰਤਮ ਪਲ ਹੁੰਦਾ ਹੈ ਅਤੇ ਅਸੀਂ ਹਰ ਦਾਅਵੇ ਨੂੰ ਬਹੁਤ ਸੰਵੇਦਨਸ਼ੀਲਤਾ ਨਾਲ ਸੰਭਾਲਦੇ ਹਾਂ। ਕਿਊ2 ਵਿੱਤੀ ਸਾਲ 25 ਵਿੱਚ, ਸਾਡਾ ਦਾਅਵਾ ਨਿਪਟਾਰਾ ਅਨੁਪਾਤ 99.04% ਸੀ, ਜਦੋਂ ਕਿ ਆਖਰੀ ਦਸਤਾਵੇਜ਼ ਪ੍ਰਾਪਤ ਹੋਣ ਦੀ ਮਿਤੀ ਤੋਂ ਗੈਰ-ਪ੍ਰਮਾਣਿਤ ਦਾਅਵਿਆਂ ਲਈ ਸਾਡਾ ਔਸਤ ਦਾਅਵਾ ਨਿਪਟਾਰਾ ਸਮਾਂ ਸਿਰਫ਼ 1.2 ਦਿਨ ਸੀ। ਇਸ ਤੋਂ ਇਲਾਵਾ, ਅਸੀਂ ਉਸੇ ਸਮੇਂ ਵਿੱਚ 451 ਕਰੋੜ ਰੁਪਏ ਤੋਂ ਵੱਧ ਦੇ ਮੌਤ ਦੇ ਦਾਅਵਿਆਂ ਦਾ ਨਿਪਟਾਰਾ ਕੀਤਾ। ਸਾਡੀ ਕਲੇਮ ਫਾਰ ਸ਼ਿਓਰ ਪਹਿਲਕਦਮੀ ਦੇ ਤਹਿਤ, ਅਸੀਂ ਸਾਰੇ ਦਸਤਾਵੇਜ਼ ਜਮ੍ਹਾਂ ਕਰਨ ਤੋਂ ਬਾਅਦ ਇੱਕ ਦਿਨ ਦੇ ਅੰਦਰ ਯੋਗ ਦਾਅਵਿਆਂ ਦਾ ਨਿਪਟਾਰਾ ਕਰਨ ਦਾ ਵਾਅਦਾ ਕਰਦੇ ਹਾਂ। ਅਸੀਂ ਇਸ ਪਹਿਲਕਦਮੀ ਦੇ ਤਹਿਤ ਕਿਊ2 ਵਿੱਤੀਸਾਲ 25 ਵਿੱਚ 71.24 ਕਰੋੜ ਰੁਪਏ ਦੇ ਮੌਤ ਦੇ ਦਾਅਵਿਆਂ ਦਾ ਨਿਪਟਾਰਾ ਕੀਤਾ ਹੈ। ਸਾਡਾ ਲਗਾਤਾਰ ਉਦਯੋਗ-ਮੋਹਰੀ ਦਾਅਵਾ ਨਿਪਟਾਰਾ ਅਨੁਪਾਤ ਰਿਹਾ ਹੈ; ਕਿਊ1 ਵਿੱਤੀਸਾਲ 24 ਵਿੱਚ 97.94% ਤੋਂ ਕਿਊ2 ਵਿੱਤੀਸਾਲ 24 ਵਿੱਚ 98.14% ਤੱਕ, ਕਿਊ3 ਵਿੱਤੀਸਾਲ 2024 ਵਿੱਚ ਇਹ 98.52 ਪ੍ਰਤੀਸ਼ਤ ਸੀ ਅਤੇ ਕਿਊ2 ਵਿੱਤੀਸਾਲ 2024 ਲਈ ਇਹ 99.17 ਪ੍ਰਤੀਸ਼ਤ ਸੀ।

ਰੋਜ਼ਾਨਾ ਲੋਕ ਬਾਣੀ
www.lokbani

# ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਨੇ ਨਗਰ ਪੰਚਾਇਤ ਘੜੂੰਆਂ ਦੀ ਚੋਣ ਨੂੰ ਲੈ ਕੇ ਕਾਂਗਰਸੀ ਉਮੀਦਵਾਰਾਂ ਦੇ ਵਾਰਡਾਂ ਦਾ ਕੀਤਾ ਦੌਰਾ



ਖਰੜ (ਕਾਲਾਂ ਸੰਘ ਸੈਣੀ )-ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਵੱਲੋਂ ਨਗਰ ਪੰਚਾਇਤ ਚੋਣਾ ਨੂੰ ਲੈ ਕੇ ਨਗਰ ਪੰਚਾਇਤ ਘੜੂੰਆਂ ਦੇ ਸਾਰੇ 11 ਵਾਰਡਾਂ ਦਾ ਦੌਰਾ ਕੀਤਾ ਗਿਆ ਅਤੇ ਕਾਂਗਰਸੀ ਉਮੀਦਵਾਰਾਂ ਦੇ ਹੱਕ ਵਿਚ ਚੋਣ ਪ੍ਰਚਾਰ ਕੀਤਾ ਗਿਆ। ਇਸ ਮੌਕੇ ਚੰਨੀ ਨੇ ਘੜੂੰਆਂ ਦੇ 8 ਵਾਰਡਾਂ, ਸਕਰੂਲਾਂ ਪੁਰ ਦੇ 2 ਅਤੇ ਮਾਮੂਪੁਰ ਦੇ 1 ਵਾਰਡ ਵਿਚ ਚੋਣ ਮੀਟਿੰਗਾਂ ਕੀਤੀਆਂ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਚਰਨਜੀਤ ਚੰਨੀ ਨੇ ਕਿਹਾ ਕਿ ਜੋ ਨਗਰ ਪੰਚਾਇਤ ਅਸੀਂ ਕਾਂਗਰਸ ਸਰਕਾਰ ਵੇਲੇ ਬਣਾਈ ਸੀ ਉਸਦਾ ਕੰਮ ਹੁਣ ਪੱਕੇ ਤੌਰ 'ਤੇ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੇ 3 ਸਾਲ ਘੜੂੰਆਂ ਤੋਂ ਤਹਿਸੀਲ ਚੁੱਕਣ ਲਈ ਅਤੇ ਨਗਰ ਪੰਚਾਇਤ ਨੂੰ ਖਤਮ ਕਰਨ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੂਰਾ ਜੋਰ ਲਗਾਇਆ ਹੋਇਆ ਸੀ ਪਰ ਮੈਂ ਪੱਕੇ ਕਾਨੂੰਨ ਬਣਾ ਕੇ ਇਨ੍ਹਾਂ ਨੂੰ ਬਣਾਇਆ ਸੀ ਜਿਨ੍ਹਾਂ ਨੂੰ ਇਹ ਤੋੜ ਨਹੀਂ ਸਕੇ। ਉਨ੍ਹਾਂ ਕਿਹਾ ਕਿ ਨਗਰ ਪੰਚਾਇਤ ਚੋਣਾਂ ਹੋਣ ਨਾਲ ਹੁਣ ਘੜੂੰਆਂ ਅਤੇ ਇਸਦੇ ਨਾਲ ਲਗਦੇ ਇਲਾਕੇ ਦਾ ਸਰਵਪੱਖੀ ਵਿਕਾਸ ਹੋਵੇਗਾ, ਉਨ੍ਹਾਂ ਕਿਹਾ ਕਿ ਘੜੂੰਆਂ ਕਮੇਟੀ ਨੂੰ ਕਰੋੜਾਂ ਰੁਪਏ ਨਕਸ਼ਾ ਫੀਸਾਂ ਦੇ ਆਉਣੇ ਹਨ ਜਿਨ੍ਹਾਂ ਨਾਲ ਚਾਰੇ ਪਾਸੇ ਵਿਕਾਸ ਹੋਵੇਗਾ। ਉਨ੍ਹਾਂ ਕਿਹਾ ਕਿ ਜਦੋਂ ਕਾਂਗਰਸ ਪਾਰਟੀ ਨੇ ਕਮੇਟੀ ਹੋਂਦ ਵਿਚ ਲਿਆਂਦੀ ਹੈ ਤਾਂ ਕਾਂਗਰਸ ਪਾਰਟੀ ਦਾ ਹੀ ਹੱਕ ਬਣਦਾ ਹੈ ਕਿ ਪਹਿਲੀ ਕਮੇਟੀ ਕਾਂਗਰਸ ਦੀ ਹੀ ਬਣੇ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ 3 ਸਾਲਾਂ ਵਿਚ 1 ਰੁਪੱਈਆ ਵੀ ਪਿੰਡਾਂ ਨੂੰ ਨਹੀਂ ਦਿੱਤਾ ਸਗੋਂ ਸਾਡੇ ਦਿੱਤੇ ਪੈਸੇ ਨਾਲ ਹੀ ਕੰਮ ਚਲਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸਰਕਾਰ ਨੇ ਤਾਂ 2 ਸਾਲ ਬਾਅਦ ਚਲੇ ਜਾਣਾ ਹੈ ਅਤੇ ਇਸ ਕਮੇਟੀ ਨੇ ਬਾਅਦ ਵਿਚ 3 ਸਾਲ ਅਗਲੀ ਸਰਕਾਰ ਨਾਲ ਕੰਮ ਕਰਨਾ ਹੈ ਇਸ ਲਈ ਕਾਂਗਰਸੀ ਉਮੀਦਵਾਰਾਂ ਨੂੰ ਜਿੱਤਾ ਕੇ ਕਮੇਟੀ ਵਿਚ ਭੇਜੋ। ਇਸ ਮੌਕੇ ਉਨ੍ਹਾਂ ਨਾਲ ਬਾਬਾ ਬਲਬੀਰ ਸਿੰਘ, ਗੁਰਮੀਤ ਸਿੰਘ ਸਿੰਬਲਮਾਜਰਾ, ਸਾਬਕਾ ਸਰਪੰਚ ਨਰਿੰਦਰ ਸਿੰਘ ਗਾਂਧੀ, ਸਾਬਕਾ ਸਰਪੰਚ ਸਰਬਜੀਤ ਸਿੰਘ ਗੋਲਾ,ਿ ਬੱਟੂ ਮਾਮੂਪੁਰ, ਗੁਰਮੇਲ ਸਿੰਘ, ਤਰਨਜੀਤ ਸਿੰਘ ਗਿੱਲ, ਡਾ. ਕੁਲਵੰਤ ਸਿੰਘ, ਗੁਰਪ੍ਰੀਤ ਸਿੰਘ,ਗੁਰਦੀਪ ਸਿੰਘ ਰਾਣਾ, ਜਗਤਰਨ ਸਿੰਘ ਜੱਗਾ, ਜਗਮੋਹਨ ਸਿੰਘ, ਤੇਜਿੰਦਰ ਸਿੰਘ, ਤੇਜਵਿੰਦਰ ਸਿੰਘ ਤੇਜੀ, ਭਰਭੂਰ ਸਿੰਘ, ਦੀਪਕ ਕੁਮਾਰ, ਹਰਜੀਤ ਸਿੰਘ ਗੋਲਡੀ, ਸਮੇਤ ਵੱਡੀ ਗਿਣਤੀ ਵਿਚ ਕਾਂਗਰਸੀ ਆਗੂ ਤੇ ਨਗਰ ਪੰਚਾਇਤ ਘੜੂੰਆਂ ਦੀ ਚੋਣ ਲੜਨ ਵਾਲੇ ਕਾਂਗਰਸੀ ਉਮੀਦਵਾਰ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਲੋਕ ਹਿਤ ਸੇਵਾ ਸਮਿਤੀ ਵੱਲੋਂ ਆਯੂਸ਼ਮਾਨ ਕਾਰਡ ਬਨਵਾਉਣ ਸਬੰਧੀ ਲਗਾਇਆ ਗਿਆ ਕੈਂਪ

ਜੀਰਕਪੁਰ, (ਲੋਕ ਬਾਣੀ) ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਤਹਿਤ ਲੋਕਹਿਤ ਸੇਵਾ ਸਮਿਤੀ ਵੱਲੋਂ ਡੇਰਾਬੱਸੀ ਹਸਪਤਾਲ ਦੇ ਸਹਿਯੋਗ ਨਾਲ 70 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਅਤੇ ਮਰਦਾਂ ਲਈ ਆਯੂਸ਼ਮਾਨ ਕਾਰਡ ਅਤੇ ਆਧਾਰ ਕਾਰਡ ਰੱਖਣ ਵਾਲੇ ਕਿਸੇ ਵੀ ਉਮਰ ਵਰਗ ਲਈ ਆਭਾ ਆਯੂਸ਼ਮਾਨ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ।

ਕਮੇਟੀ ਦੇ ਬੁਲਾਰੇ ਵਿਨੋਦ ਕੁਮਾਰ ਝਾਂਬ ਨੇ ਦੱਸਿਆ ਕਿ ਕੈਂਪ ਵਿੱਚ ਮੌਕੇ 'ਤੇ ਹੀ 74 ਔਰਤਾਂ, ਪੁਰਸ਼ਾਂ ਅਤੇ ਬੱਚਿਆਂ ਦੇ ਆਯੂਸ਼ਮਾਨ ਕਾਰਡ ਅਤੇ ਆਭਾ ਕਾਰਡ ਬਣਵਾਉਣ ਵਿੱਚ ਸਫਲਤਾ ਹਾਸਲ ਕੀਤੀ ਗਈ।

ਕੈਂਪ ਵਿੱਚ 53 ਆਭਾ ਆਯੁਸ਼ਮਾਨ ਕਾਰਡ ਅਤੇ 21 ਜਨ ਅਰੋਗਿਆ ਆਯੁਸ਼ਮਾਨ ਕਾਰਡ ਬਣਾਏ ਗਏ। ਕੈਂਪ ਨੂੰ ਸਫਲ ਬਣਾਉਣ ਵਿੱਚ ਬਲਵੀਰ ਰਾਜਪੂਤ, ਸਤੀਸ਼ ਭਾਰਦਵਾਜ, ਵਿਨੋਦ ਕੁਮਾਰ ਝਾਂਬ, ਕੈਲਾਸ਼ ਮਿੱਤਲ, ਸੋਮਾ ਰਾਣਾ, ਸੀਮਾ ਸ਼ਰਮਾ, ਹਰਜੀਤ ਕੌਰ, ਸੁਖਦੇਵ ਚੌਧਰੀ, ਸੁਖਵਿੰਦਰ ਸਿੰਘ ਅਤੇ ਹਰਸ਼ ਕੁਮਾਰ ਦਾ ਸ਼ਲਾਘਾਯੋਗ ਯੋਗਦਾਨ ਰਿਹਾ।



# ਜਨਮਦਿਨ ਮੁਬਾਰਕ

****************

ਜੁਗ ਜੁਗ ਜੀਵੇਂ ਜੁਗਾਦਿ ਸਿੰਆਂ ਤੂੰ,
ਹੋਵੇ ਉਮਰ ਲੰਮੇਰੀ ਤੇਰੀ।

ਚਮਕੇ ਇੰਝ ਜਿਵੇਂ ਸੂਰਜ ਚਮਕੇ
ਇਹ ਅਰਦਾਸ ਏ ਮੇਰੀ।

ਰਹੇ ਬਣ ਕੇ ਸਭ ਦੀ ਅੱਖ ਦਾ ਤਾਰਾ ਪੁੱਤਰਾਂ
ਤੈਨੂੰ ਰਹੇ ਸੁੱਖਾਂ ਦੀ ਦਾਤ ਘਨੇਰੀ


ਸਿੱਖੀ ਸਿਦਕ ਵਿੱਚ ਪਰਿਪੱਕ ਬਣੀ ਤੂੰ,
ਰੱਖੀਂ ਧਰਮ ਨਾਲ ਸਾਂਝ ਪਕੇਰੀ।

ਹੋਵੇ ਮੁਬਾਰਕ ਜਨਮਦਿਨ ਪੁੱਤਰਾਂ,
ਰਹੇ ਭਰੀ ਖੁਸ਼ੀਆਂ ਨਾਲ ਝੋਲੀ ਤੇਰੀ।

ਆਗਿਆਕਾਰੀ ਰਹੇ ਪੁਤ ਮਾਂ ਬਾਪ ਦਾ
ਰੱਖੀਂ ਸਿੰਘਾਂ ਜਿਹੀ ਦਲੇਰੀ।

ਜੁਗ ਜੁਗ ਜੀਵੇ ਜੁਗਾਦਿ ਸਿੰਆਂ ਤੂੰ
ਹੋਵੇ ਉਮਰ ਲੰਮੇਰੀ ਤੇਰੀ।

ਰੋਜ਼ਾਨਾ ਲੋਕ ਬਾਣੀ
www.lokbani



ਪ੍ਰੀਤ ਕੌਰ ਪ੍ਰੀਤੀ
ਫਗਵਾੜਾ

ਫਗਵਾੜਾ- ( ਸੁਸ਼ੀਲ ਸ਼ਰਮਾ )

# ਡਾ. ਰਾਜਨ ਆਈ ਕੇਅਰ ਫਗਵਾੜਾ ਨੇ ਫਿਲੌਰ ਦੇ ਪਿੰਡ ਤੇਹੰਗ 'ਚ ਲਗਾਇਆ ਅੱਖਾਂ ਦਾ ਫਰੀ ਚੈਕਅੱਪ ਅਤੇ ਆਪਰੇਸ਼ਨ ਕੈਂਪ





ਫਗਵਾੜਾ ( ਸੁਸ਼ੀਲ ਸ਼ਰਮਾ ) ਡਾ. ਰਾਜਨ ਆਈ ਕੇਅਰ ਅੱਖਾਂ ਦਾ ਹਸਪਤਾਲ ਫਗਵਾੜਾ ਵਲੋਂ ਜਿਲ੍ਹਾ ਜਲੰਧਰ ਦੇ ਪਿੰਡ ਤੇਹੰਗ (ਫਿਲੌਰ) ਵਿਖੇ ਏਕਨੂਰ ਹਾਕੀ ਅਕੈਡਮੀ ਅਤੇ ਸਮੂਹ ਨਗਰ ਪੰਚਾਇਤ ਦੇ ਸਹਿਯੋਗ ਨਾਲ ਅੱਖਾਂ ਦਾ ਫਰੀ ਚੈਕਅੱਪ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਜਿਸ ਵਿੱਚ 520 ਮਰੀਜ਼ਾਂ ਦਾ ਮੁਫਤ ਚੈਕਅਪ ਕੀਤਾ ਗਿਆ ਅਤੇ 50 ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਕਰਕੇ ਫੋਲਡੇਬਲ ਲੈਂਜ ਪਾਏ ਗਏ। ਕੈਂਪ ਵਿੱਚ ਆਏ ਹੋਏ ਮਰੀਜ਼ਾਂ ਨੂੰ ਦਵਾਈਆਂ ਤੇ ਐਨਕਾਂ ਵੀ ਫਰੀ ਦੀਤੀਆਂ ਗਈਆਂ। ਡਾ. ਰਾਜਨ ਆਈ ਕੇਅਰ ਹਸਪਤਾਲ, ਦੇ ਐੱਮ.ਡੀ. ਡਾਕਟਰ ਐਸ. ਰਾਜਨ ਨੇ ਮਰੀਜ਼ਾਂ ਨੂੰ ਅੱਖਾਂ ਦੀ ਸਾਂਭ ਸੰਭਾਲ ਬਾਰੇ ਵਢਮੁੱਲੀ ਜਾਣਕਾਰੀ ਦੀਤੀ ਅਤੇ ਨਾਲ ਹੀ ਆਪ੍ਰੇਸ਼ਨ ਵਾਲੇ ਮਰੀਜਾਂ ਨੂੰ ਵੀ ਖਾਸ ਸਾਵਧਾਨੀਆਂ ਬਾਰੇ ਸੁਚੇਤ ਕੀਤਾ। ਉਹਨਾਂ ਕਿਹਾ ਕਿ ਅੱਖਾਂ ਸਾਡੇ ਸ਼ਰੀਰ ਦਾ ਬਹੁਤ ਹੀ ਜਰੂਰੀ ਅਤੇ ਨਾਜੁਕ ਅੰਗ ਹਨ। ਇਹਨਾਂ ਦੀ ਸਿਹਤ ਦਾ ਖਾਸ ਖਿਆਲ ਬਹੁਤ ਜਰੂਰੀ ਹੈ। ਅੱਖਾਂ ਦੀ ਕਿਸੇ ਵੀ ਤਕਲੀਫ ਨੂੰ ਅੱਖੋਂ-ਪਰੋਖੇ ਨਾ ਕਰਕੇ ਤੁਰੰਤ ਮਾਹਿਰ ਡਾਕਟਰ ਦੀ ਸਲਾਹ ਜਰੂਰ ਲਈ ਜਾਣੀ ਚਾਹੀਦੀ ਹੈ। ਅਖੀਰ ਵਿਚ ਏਕਨੂਰ ਹਾਕੀ ਅਕੈਡਮੀ ਅਤੇ ਨਗਰ ਪੰਚਾਇਤ ਪਿੰਡ ਤੇਹੰਗ ਤੋਂ ਇਲਾਵਾ ਤੇਹੰਗ ਵੈਲਫੇਅਰ ਕਮੇਟੀ, ਐਨ. ਆਈ. ਆਰ ਵੀਰਾਂ ਨੇ ਡਾ. ਐਸ ਰਾਜਨ ਅਤੇ ਉਹਨਾਂ ਦੀ ਸਮੁੱਚੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਨਿਰਮਲ ਸਿੰਘ, ਹਲਕਾ ਇੰਚਾਰਜ ਪ੍ਰੇਮ ਕੁਮਾਰ, ਤੀਰਥ ਸਿੰਘ ਜੋਹਲ, ਸੁਖਵੰਤ ਸਿੰਘ, ਲਖਵਿੰਦਰ ਸਿੰਘ, ਸਕੂਲ ਟੀਚਰ ਰਾਜਪ੍ਰੀਤ, ਦਿਲਨੂਰ ਕੌਰ ਆਦਿ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਬਾਬਾ ਖਾਟੂ ਸ਼ਿਆਮ ਜੀ ਦੇ ਪਾਵਨ ਸ਼ੀਸ਼ ਸਰੂਪ ਦੇ ਆਗਮਨ ਦੀ ਖੁਸ਼ੀ ਵਿੱਚ ਪਹਿਲਾ ਸ਼੍ਰੀ ਸ਼ਿਆਮ ਦੁਆਦਸ਼ੀ ਸੰਕੀਰਤਨ ਭਗਵਾਨ ਸ਼੍ਰੀ ਪਰਸ਼ੂਰਾਮ ਮੰਦਰ ਵਨ ਵੇ ਟ੍ਰੈਫ਼ਿਕ ਰੋਡ ਮਾਨਸਾ ਵਿਖੇ ਕੀਤਾ ਗਿਆ



ਮਾਨਸਾ (ਲੋਕ ਬਾਣੀ)-ਕਲਯੁੱਗ ਅਵਤਾਰ, ਖਾਟੂ ਨਰੇਸ਼ ਬਾਬਾ ਖਾਟੂ ਸ਼ਿਆਮ ਜੀ ਦੇ ਪਾਵਨ ਸ਼ੀਸ਼ ਸਰੂਪ ਦੇ ਆਗਮਨ ਦੀ ਖੁਸ਼ੀ ਵਿੱਚ ਪਹਿਲਾ ਸ਼੍ਰੀ ਸ਼ਿਆਮ ਦੁਆਦਸ਼ੀ ਸੰਕੀਰਤਨ ਭਗਵਾਨ ਸ਼੍ਰੀ ਪਰਸ਼ੂਰਾਮ ਮੰਦਰ ਵਨ ਵੇ ਟ੍ਰੈਫ਼ਿਕ ਰੋਡ ਮਾਨਸਾ ਵਿਖੇ ਕੀਤਾ ਗਿਆ।

ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਮੰਡਲ ਦੇ ਪ੍ਰਧਾਨ ਬਲਜੀਤ ਸ਼ਰਮਾ ਅਤੇ ਚੇਅਰਮੈਨ ਵਰੁਣ ਵੀਨੂ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਨਵ ਗ੍ਰਹਿ ਅਤੇ ਖਾਟੂ ਸ਼ਿਆਮ ਪੂਜਨ ਸ਼੍ਰੀ ਮਨਪ੍ਰੀਤ ਸਿੰਘ ਜੀ (ਗ਼ੌਰੀ ਮੋਬਾਇਲ ਵਾਲੇ) ਅਤੇ ਪਰਿਵਾਰ ਤੋਂ ਮੰਦਰ ਦੇ ਪੁਜਾਰੀ ਪੰਡਿਤ ਲਕਸ਼ਮੀ ਨਰਾਇਣ ਸ਼ਰਮਾ ਨੇ ਵਿਧੀਵਤ ਸ਼ਰਧਾ ਪੂਰਵਕ ਕਰਵਾਇਆ।

ਬਾਬਾ ਸ਼ਿਆਮ ਜੀ ਦੀ ਪਵਿੱਤਰ ਹਵਨ ਜੋਤ ਪ੍ਰਚੰਡ ਉੱਘੇ ਸਮਾਜ ਸੇਵੀ ਫਰੈਂਡਜ ਮੈਡੀਕਲ ਏਜੰਸੀ ਦੇ ਮਾਲਕ ਸ਼੍ਰੀ ਅਸ਼ੋਕ ਕੁਮਾਰ ਤਾਇਲ ਅਤੇ ਸ਼੍ਰੀਮਤੀ ਕਿਰਨ ਤਾਇਲ ਜੀ ਨੇ ਕੀਤੀ। ਬਾਬਾ ਸ਼ਿਆਮ ਜੀ ਦਾ ਅਭਿਸ਼ੇਕ ਚੀਨੂੰ ਸ਼ਰਮਾ ਅਤੇ ਪਰਿਵਾਰ ਨੇ ਕਰਵਾਇਆ। ਰੰਗ ਬਿਰੰਗੇ ਫੁੱਲਾਂ ਇੱਤਰ ਫੁਲੇਲਾਂ ਨਾਲ ਸ਼ਿੰਗਾਰਿਆ ਬਾਬਾ ਸ਼ਿਆਮ ਜੀ ਦਾ ਅਲੌਕਿਕ ਸਰੂਪ ਬੜਾ ਹੀ ਮਨਮੋਹਕ ਲੱਗ ਰਿਹਾ ਸੀ। ਬਾਬਾ ਜੀ ਦਾ ਇਹ ਸ਼ਿੰਗਾਰ ਸਰਬਜੀਤ ਸ਼ਰਮਾ, ਡਾਕਟਰ ਡੈਜੀ ਸ਼ਰਮਾ ਅਤੇ ਵੀਰ ਦਵਿੰਦਰ ਸ਼ਰਮਾ ਨੇ ਸ਼ਰਧਾ ਪੂਰਵਕ ਕੀਤਾ।

ਇਸ ਸੰਕੀਰਤਨ ਵਿੱਚ ਸ਼ਹਿਰ ਦੀਆਂ ਭਜਨ ਮੰਡਲੀਆਂ ਅਤੇ ਮਿੱਠੀ ਆਵਾਜ਼ ਦੇ ਮਾਲਕ ਸ਼ਿਆਮ ਦੇ ਲਾਡਲੇ ਅੰਮ੍ਰਿਤ ਸ਼ਰਮਾ ਜੀ ਆਪਣੇ ਭਜਨਾਂ ਨਾਲ਼ ਹਾਜ਼ਰੀ ਲਗਵਾਈ ਬਾਬਾ ਸ਼ਿਆਮ ਦਾ ਭੰਡਾਰਾ ਅਤੁੱਟ ਵਰਤਾਇਆ ਗਿਆ। ਮੰਡਲ ਵੱਲੋਂ ਇਸ ਸੰਕੀਰਤਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਸ਼ਿਆਮ ਪ੍ਰੇਮੀਆਂ ਨੂੰ ਦੱਸਿਆ ਗਿਆ ਕਿ ਹਰ ਮਹੀਨੇ ਚਾਨਣ ਪੱਖ ਦੀ ਦੁਆਦਸ਼ੀ ਵਾਲੇ ਦਿਨ ਭਗਵਾਨ ਸ਼੍ਰੀ ਪਰਸ਼ੂਰਾਮ ਮੰਦਰ ਵਿਖੇ ਸ਼੍ਰੀ ਸ਼ਿਆਮ ਸੰਕੀਰਤਨ ਕੀਤਾ ਜਾਵੇਗਾ, ਇਸ ਤੋਂ ਇਲਾਵਾ ਅਗਰ ਕੋਈ ਭਗਤ ਆਪਣੇ ਘਰ ਸੰਕੀਰਤਨ ਕਰਵਾਉਣਾ ਚਾਹੁੰਦਾ ਹੈ ਤਾਂ ਬਹੁਤ ਹੀ ਘੱਟ ਖਰਚੇ ਤੇ ਕੀਤੇ ਜਾਣਗੇ। ਇਸ ਸਮਾਗਮ ਵਿੱਚ ਭਗਵਾਨ ਸ਼੍ਰੀ ਪਰਸ਼ੂਰਾਮ ਮਹਿਲਾ ਸਤਿਸੰਗ ਮੰਡਲ,ਬ੍ਰਾਹਮਣ ਸਭਾ ਮਾਨਸਾ ਦੇ ਪ੍ਰਧਾਨ ਪ੍ਰਿਤਪਾਲ ਮੌਂਟੀ, ਕੈਸ਼ੀਅਰ ਡਾਕਟਰ ਸੁਦਰਸ਼ਨ ਤੇਜਪਾਲ, ਸਰਪ੍ਰਸਤ ਹਰਭਗਵਾਨ ਸ਼ਰਮਾ, ਵੀਰਭਾਨ ਸ਼ਰਮਾ, ਮਨਦੀਪ ਹੈਰੀ, ਭਾਰਤ ਭੂਸ਼ਨ ਬੰਟੀ, ਤਰੁਣ ਕੁਮਾਰ,ਸਾਹਿਲ ਗਰਗ, ਆਰੀਅਨ ਸ਼ਰਮਾ, ਉਪਿੰਦਰ ਰਾਜਨ ਸ਼ਰਮਾ, ਹਿਤੇਸ਼ ਸ਼ਰਮਾ, ਵੰਸ਼ ਸ਼ਰਮਾ ਆਦਿ ਵੱਡੀ ਗਿਣਤੀ ਵਿੱਚ ਬਾਬਾ ਸ਼ਿਆਮ ਪ੍ਰੇਮੀ ਹਾਜ਼ਰ ਸਨ।

## ਗ਼ਜ਼ਲ

ਨਾ ਕਿਸੇ ਤੋਂ ਜਿਤਦੀ ਨਾ ਹਾਰਦੀ।
ਜ਼ਿੰਦਗੀ ਜਾਂਦੀ ਛਲਾਂਗਾਂ ਮਾਰਦੀ।
ਯੁਧ 'ਚ ਵੱਡੇ-ਵੱਡੇ ਯੋਧੇ ਹਰ ਜਾਂਦੇ,
ਧਾਰ ਖੁੰਡੀ ਹੋਵੇ ਜੇ ਤਲਵਾਰ ਦੀ।
ਗਿਆਨ ਵਾਧੂ ਮਗਰ ਸ਼ਿਸ਼ਟਾਚਾਰ ਨਈਂ,
ਬਦਲ ਗਈ ਹੈ ਸੋਚ ਅਜ ਮੁਟਿਆਰ ਦੀ।
ਇਕ ਛਰਾਟੇ ਨਾਲ ਇਹ ਭੁਰ ਜਾਂਵਣੀ,
ਸਹੁੰ ਨਾ ਚੁੱਕੀਂ ਰੇਤ ਦੀ ਦੀਵਾਰ ਦੀ।
ਪਿਆਰ ਦੀ ਕਿਸ਼ਤੀ ਨਜ਼ਰ ਆਉਂਦੀ ਨਹੀਂ,
ਸੁਕ ਗਈ ਹੈ ਇਕ ਨਦੀ ਸਤਿਕਾਰ ਦੀ।
ਨੇਰੀਆਂ ਨਾਲ ਦੋਸਤੀ ਕੀ ਕਰ ਲਈ,
ਦੁਰਦਸ਼ਾ ਕੀ ਹੋ ਗਈ ਕਚਨਾਰ ਦੀ।
ਚੰਨ ਦੀ ਇਕ ਰਾਤ ਮੇਰੇ ਨਾਲ ਰਹੀ,
ਨਾ ਗਰਮ ਰਖਦੀ ਤੇ ਨਾ ਹੀ ਠਾਰਦੀ।
ਮਿਹਨਤਾਂ ਪਿੱਛੋਂ ਹੀ ਰੰਗਤ ਆ ਰਹੀ,
ਫੁੱਟ ਰਹੀ ਲਾਲੀ ਕਿਵੇਂ ਆਨਾਰ ਦੀ।
ਸ਼ਹਿਰ ਅੰਦਰ ਰੌਸ਼ਨੀ ਹੀ ਰੌਸ਼ਨੀ,
ਜ਼ਿਦ ਜਦੋਂ ਟੁੱਟੀ ਉਹਦੇ ਹੰਕਾਰ ਦੀ।
ਕੌਣ ਕਰਦਾ ਯਾਦ ਜਿਹੜੇ ਤੁਰ ਗਏ,
ਰੀਤ ਚਲਦੀ ਆ ਰਹੀ ਸੰਸਾਰ ਦੀ।
ਬੰਦ ਮੁੱਠੀ ਵਿਚ ਭਲਾ ਦਸ ਕੀ ਏ ?
ਬੁਝ ਲਵੇਂ ਤਾਂ ਸਾਰੀ ਦੁਨੀਆਂ ਪਿਆਰ ਦੀ।
ਕੌਣ ਲੰਘਿਆ ਆਹਟਾਂ ਵਿਚ
ਸਿਸਕੀਆਂ,
ਇੱਕ ਮਾਮੂਲੀ ਭਿਣਕ ਹੈ ਦੀਦਾਰ ਦੀ।
ਕੌਣ ਹੈ ਉਹ ਜਿੱਤ ਦਾ ਪ੍ਰਤੀਕ ਹੈ,
ਰਾਹ ਨੁਮਾਈ ਕਰ ਰਿਹਾ ਤਲਵਾਰ ਦੀ।
ਜੀ ਲਵੇ ਦੂਜੇ ਦੇ ਹਿੱਤਾਂ ਵਾਸਤੇ,
ਹੋਂਦ ਬਣਦੀ ਤਾਂ ਹੀ ਇਕ ਸਰਦਾਰ ਦੀ।
ਬਾਲਮਾ ਬੇਸ਼ਕ ਜੁਦਾ ਉਹ ਹੋ ਗਿਆ, ,
ਹੋਂਦ ਜ਼ਖ਼ਮਾਂ ਵਿਚ ਰਹੀ ਇਕਰਾਰ ਦੀ।

ਰੋਜ਼ਾਨਾ ਲੋਕ ਬਾਣੀ
www.lokbani

ਬਲਵਿੰਦਰ ਬਾਲਮ ਗੁਰਦਾਸਪੁਰ
ਉਂਕਾਰ ਨਗਰ ਗੁਰਦਾਸਪੁਰ ਪੰਜਾਬ
ਮੋ. - 98156-25409

## ਪੱਤਰਕਾਰ ਮਨਦੀਪ ਸਿੰਘ ਸੰਧੂ ਨੂੰ ਸਦਮਾ, ਸਹੁਰਾ ਸਾਬ ਦਾ ਹੋਇਆ ਦਿਹਾਂਤ




ਫਗਵਾੜਾ, (ਸੁਸ਼ੀਲ ਸ਼ਰਮਾ)- ਫਗਵਾੜਾ ਵਿਧਾਨ ਸਭਾ ਹਲਕੇ ਤੋਂ ਸੀਨੀਅਰ ਪੱਤਰਕਾਰ ਮਨਦੀਪ ਸਿੰਘ ਸੰਧੂ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਸਹੁਰਾ ਸਾਬ ਅਜੀਤ ਸਿੰਘ ਵਾਸੀ ਪਿੰਡ ਬਘਾਣਾ ਅਚਾਨਕ ਬੇਵਕਤੀ ਮੌਤ ਦੇ ਮੂੰਹ ਵਿੱਚ ਚਲੇ ਗਏ। ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ, ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ, ਜਰਨਲਿਸਟ ਪ੍ਰੈਸ ਕਲੱਬ ਪੰਜਾਬ ਦੇ ਪ੍ਰਧਾਨ ਮਨਜੀਤ ਮਾਨ ਅਤੇ ਸਰਪੰਚ ਬਲਵਿੰਦਰ ਸਿੰਘ ਬਘਾਣਾ ਸਮੇਤ ਸਮੂਹ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਨਾਲ ਨਾਲ ਸਮਾਜ ਸੇਵੀ ਸੰਸਥਾਵਾਂ ਅਤੇ ਸਮੂਹ ਪੱਤਰਕਾਰ ਭਾਈਚਾਰੇ ਵਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਸਵਰਗੀ ਅਜੀਤ ਸਿੰਘ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ 15 ਦਸੰਬਰ ਨੂੰ ਦੁਪਹਿਰ 2 ਵਜੇ ਬਘਾਣਾ ਪਿੰਡ ਦੇ ਸ਼ਮਸ਼ਾਨ ਘਾਟ ਵਿਖੇ ਕੀਤਾ ਜਾਵੇਗਾ।

## ਮਾਲੇਰ ਕੋਟਲਾ ਜਿਲੇ ਦੀਆਂ ਨਵੀਆਂ ਚੁਣੀਆਂ ਗਈਆਂ ਪੰਚਾਇਤਾਂ ਦੇ ਸੌ ਤੋਂ ਵੱਧ ਮੈਂਬਰਾਂ ਦਾ ਹਰਫ ਚੈਰੀਟੇਬਲ ਟਰਸਟ ਵੱਲੋਂ ਕੀਤਾ ਗਿਆ ਸਨਮਾਨ



ਮਾਲੇਰ ਕੋਟਲਾ (ਲੋਕ ਬਾਣੀ) ਹਰਫ ਚੈਰੀਟੇਬਲ ਟਰਸਟ ਵੱਲੋਂ ਮਲੇਰ ਕੋਟਲੇ ਦੀਆਂ ਨਵੀਆਂ ਚੁਣੀਆਂ ਗਈਆਂ ਪੰਚਾਇਤਾਂ ਦੇ ਮੈਂਬਰਾਂ ਨੂੰ ਸਨਮਾਨਿਤ ਕਰਨ ਦੇ ਲਈ ਇੱਕ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਹਰਫ ਕਾਲਜ ਦੇ ਪ੍ਰਿੰਸੀਪਲ ਪ੍ਰੋਫੈਸਰ ਅਮਰਜੀਤ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਹਰਫ ਚੈਰੀਟੇਬਲ ਟਰਸਟ ਦੇ ਚੇਅਰਮੈਨ ਪੀ ਡੀ ਜੀ ਸ੍ਰੀ ਅਮਜਦ ਅਲੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਨਵੇਂ ਚੁਣੇ ਗਏ ਪੰਚਾਇਤ ਮੈਂਬਰਾਂ ਦੀ ਜਿੰਮੇਵਾਰੀ ਬਹੁਤ ਵੱਧ ਗਈ ਹੈ। ਕਿਉਂਕਿ ਪੰਜਾਬ ਇਸ ਸਮੇਂ ਬਹੁਤ ਸਾਰੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਨਵੇਂ ਚੁਣੇ ਗਏ ਪੰਚਾਇਤ ਮੈਂਬਰਾਂ ਵੱਲੋਂ ਨੌਜਵਾਨ ਪੀੜੀ ਨੂੰ ਨਸ਼ੇ ਤੋਂ ਬਚਾਉਣ ਲਈ ਉਪਰਾਲੇ ਕਰਨੇ ਚਾਹੀਦੇ ਹਨ। ਉਹਨਾਂ ਕਿਹਾ ਕਿ ਅਸੀਂ ਪੰਜਾਬ ਦੇ ਨੌਜਵਾਨਾਂ ਦਾ ਰੁਖ ਖੇਡਾਂ ਵੱਲ ਮੋੜ ਕੇ ਨਸ਼ੇ ਦੀ ਬਿਮਾਰੀ ਤੋਂ ਛੁਟਕਾਰਾ ਪਾ ਸਕਦੇ ਹਾਂ। ਲੋਕਤੰਤਰ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਬਚਾਉਣ ਦੇ ਲਈ ਵੀ ਸਾਡੀਆਂ ਪੰਚਾਇਤਾਂ ਮਹੱਤਵਪੂਰਨ ਰੋਲ ਅਦਾ ਕਰ ਸਕਦੀਆਂ ਹਨ। ਸ੍ਰੀ ਅਮਜਦ ਅਲੀ ਨੇ ਕਿਹਾ ਕਿ ਪਿੰਡਾਂ ਦੇ ਸਾਰੇ ਬੱਚਿਆਂ ਨੂੰ ਸਕੂਲ ਭੇਜ ਕੇ 100% ਸਾਖਰਤਾ ਦਾ ਟੀਚਾ ਪ੍ਰਾਪਤ ਕਰਨ ਦੀ ਜ਼ਰੂਰਤ ਹੈ। ਕਿਉਂਕਿ ਸਿੱਖਿਅਤ ਪੰਜਾਬ ਹੀ ਵਿਕਸਿਤ ਪੰਜਾਬ ਬਣਾ ਸਕਦਾ ਹੈ। ਉਹਨਾਂ ਮਲੇਰ ਕੋਟਲੇ ਦੇ ਗਰੀਬ ਅਤੇ ਹੁਸ਼ਿਆਰ ਬੱਚਿਆਂ ਲਈ ਸਰਪੰਚਾਂ ਅਤੇ ਪੰਚਾਂ ਦੀ ਸਿਫਾਰਿਸ਼ ਤੇ ਹਰਫ ਕਾਲਜ ਵਿੱਚ ਦਾਖਲੇ ਸੰਬੰਧੀ ਕਈ ਪ੍ਰਕਾਰ ਦੀਆਂ ਰਿਆਇਤਾਂ ਵੀ ਪੇਸ਼ ਕੀਤੀਆਂ। ਡਾਕਟਰ ਸਈਅਦ ਤਨਵੀਰ ਹੁਸੈਨ ਨੇ ਕੈਂਸਰ ਦੀ ਬਿਮਾਰੀ ਤੋਂ ਬਚਣ ਲਈ ਅਤੇ ਇਸ ਦੇ ਸ਼ੁਰੂਆਤੀ ਲੱਛਣਾਂ ਬਾਰੇ ਮੌਕੇ ਤੇ ਹਾਜ਼ਰ ਲੋਕਾਂ ਨੂੰ ਜਾਗਰੂਕ ਕੀਤਾ। ਇਸ ਮੌਕੇ ਤੇ ਨਾਮਵਰ ਪੱਤਰਕਾਰ ਸ੍ਰੀ ਮਹੇਸ਼ ਸ਼ਰਮਾ, ਸ਼੍ਰੀ ਸੋਹਰਾਬ ਅਮਜਦ ਅਤੇ ਸ੍ਰੀ ਜਹੂਰ ਅਹਿਮਦ ਜਹੂਰ ਨੇ ਵੀ ਸੰਬੋਧਨ ਕੀਤਾ। ਅੰਤ ਵਿੱਚ ਸੋਹਰਾਬ ਪਬਲਿਕ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਜ਼ੋਹਰਾ ਸੱਤਾਰ ਨੇ ਸਮਾਗਮ ਵਿੱਚ ਪਹੁੰਚੇ ਪੰਚਾਇਤ ਮੈਂਬਰਾਂ ਦਾ ਧੰਨਵਾਦ ਕੀਤਾ।

# ਪੰਜਾਬ ਰਾਜ ਭਾਸ਼ਾ ਐਕਟ ਅਮਲੀ ਰੂਪ ਚ ਲਾਗੂ ਕਰਨ ਦੀ ਮੰਗ

ਧੂਰੀ (ਲੋਕ ਬਾਣੀ) ਪੰਜਾਬੀ ਸਾਹਿਤ ਸਭਾ ਧੂਰੀ ਦਾ ਮਹੀਨਾਵਾਰ ਸਾਹਿਤਕ ਸਮਾਗਮ ਮੂਲ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਕੀਤਾ ਗਿਆ ਜਿਸ ਵਿੱਚ ਪੰਜਾਬੀ ਸਾਹਿਤ ਸਭਾ ਭੈਣੀ ਸਾਹਿਬ ( ਲੁਧਿਆਣਾ ) ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਆਪਣੇ ਦੋ ਸਾਥੀਆਂ ਬਲਵੰਤ ਸਿੰਘ ਵਿਰਕ ਅਤੇ ਨੇਤਰ ਸਿੰਘ ਮੁੱਤੋਂ ਸਮੇਤ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ । ਜਿਨ੍ਹਾਂ ਦੇ ਮੁਹੱਬਤੀ ਵਿਚਾਰਾਂ ਅਤੇ ਮੁੱਲਵਾਨ ਰਚਨਾਵਾਂ ਨੇ ਸਮਾਗਮ ਨੂੰ ਹੋਰ ਵੀ ਚਾਰ ਚੰਨ ਲਗਾ ਦਿੱਤੇ ।

ਸ਼ੁਰੂਆਤੀ ਦੌਰ ਵਿੱਚ ਸੁਆਗਤੀ ਸ਼ਬਦਾਂ ਤੋਂ ਇਲਾਵਾ ਬੀਤੇ ਮਹੀਨੇ ਵਿੱਚ ਸਦੀਵੀ ਵਿਛੋੜੇ ਦੇ ਗਏ ਲੇਖਕਾਂ , ਕਲਾਕਾਰਾਂ ਅਤੇ ਪ੍ਰਮੁੱਖ ਹਸਤੀਆਂ ਨੂੰ ਸ਼ਰਧਾ ਸੁਮਨ ਭੇਟ ਕੀਤੇ ਗਏ , ਇੱਕ ਵੱਖਰੇ ਮਤੇ ਰਾਹੀਂ ਸਭਾ ਦੇ ਮੈਂਬਰ ਘੁਮੰਡ ਸਿੰਘ ਸੋਹੀ ਨੂੰ ਪੰਜਾਬ ਮਾਸਟਰਜ਼ ਅਥਲੈਟਿਕਸ ਚੈਂਪੀਅਨਸ਼ਿਪ ਵਿੱਚੋਂ 90 - 95 ਸਾਲਾ ਉਮਰ ਗਰੁੱਪ ਵਿੱਚ ਤਿੰਨ ਸੋਨ ਤਗਮੇ ਜਿੱਤਣ ਤੇ ਮੁਬਾਰਕਬਾਦ ਦਿੱਤੀ ਗਈ ।

ਦੂਸਰੇ ਦੌਰ ਵਿੱਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਮਨਾਏ ਗਏ ਪੰਜਾਬੀ ਮਹੀਨੇ ਦੀ ਪੁਣਛਾਣ ਕਰਦਿਆਂ ਸਮਾਗਮਾਂ ਲਈ ਬੁਲਾਏ ਲੇਖਕਾਂ ਨੂੰ ਦਿੱਤਾ ਜਾਣ ਵਾਲ਼ਾ ਕਿਰਾਇਆ ਭਾੜਾ ਅਤੇ ਮਾਣ ਭੱਤਾ ਬੰਦ ਕਰਨ ਦੀ ਨਿਖੇਧੀ ਕੀਤੀ ਗਈ ਅਤੇ ਦੁਬਾਰਾ ਬਹਾਲ ਕਰਨ ਦੀ ਪੁਰਜ਼ੋਰ ਮੰਗ ਕੀਤੀ ਗਈ । ਇਸ ਦੇ ਨਾਲ਼ ਹੀ ਸਰਕਾਰ ਤੋਂ ਪੰਜਾਬ ਰਾਜ ਭਾਸ਼ਾ ਐਕਟ ਨੂੰ ਸਖ਼ਤੀ ਨਾਲ਼ ਲਾਗੂ ਕਰਨ , ਦਫ਼ਤਰਾਂ ਤੇ ਕਚਹਿਰੀਆਂ ਵਿੱਚ ਸਾਰਾ ਕੰਮ ਪੰਜਾਬੀ ਵਿੱਚ ਕਰਾਉਂਣ ਅਤੇ ਦੁਕਾਨਾਂ ਤੇ ਕਾਰੋਬਾਰੀ ਅਦਾਰਿਆਂ ਦੇ ਬੋਰਡਾਂ ਵਿੱਚ ਪੰਜਾਬੀ ਨੂੰ ਪਹਿਲ ਦੇਣ ਦੀ ਮੰਗ ਵੀ ਕੀਤੀ ਗਈ ।



ਤੀਸਰੇ ਦੌਰ ਵਿੱਚ ਕਰਮਜੀਤ ਹਰਿਆਊ ਨੇ ਆਪਣੇ ਆਸਟਰੇਲੀਆ ਦੀ ਯਾਤਰਾ ਦੇ ਤਜ਼ਰਬੇ ਅਤੇ ਯਾਦਾਂ ਸਾਂਝੀਆਂ ਕਰਦਿਆਂ ਸਭਾ ਨੂੰ ਤੋਹਫ਼ੇ ਵੀ ਭੇਂਟ ਕੀਤੇ । ਦਸੰਬਰ ਮਹੀਨੇ ਵਿੱਚ ਜਨਮੇਂ ਮੈਂਬਰਾਂ ਦਾ ਜਨਮ ਦਿਹਾੜਾ ਸਾਂਝੇ ਤੌਰ ਤੇ ਮਨਾਉਂਦਿਆਂ ਸਨਮਾਨਿਤ ਕੀਤਾ ਗਿਆ । ਵਿਸ਼ੇਸ਼ ਮਹਿਮਾਨਾਂ ਅਤੇ ਪਹਿਲੀ ਵਾਰੀ ਆਏ ਮੈਂਬਰਾਂ ਨੂੰ ਕਿਤਾਬਾਂ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ।

ਆਖ਼ਰ ਵਿੱਚ ਚਰਨਜੀਤ ਸਿੰਘ ਮੀਮਸਾ ਦੇ ਮੰਚ ਸੰਚਾਲਨ ਅਧੀਨ ਹੋਏ ਵਿਸ਼ਾਲ ਕਵਿਤਾ ਤੇ ਕਹਾਣੀ ਦਰਬਾਰ ਵਿੱਚ ਸਰਵ ਸ਼੍ਰੀ ਮੈਨੇਜਰ ਜਗਦੇਵ ਸ਼ਰਮਾ , ਗੁਰਦਿਆਲ ਨਿਰਮਾਣ ਧੂਰੀ , ਬਲਜੀਤ ਸਿੰਘ ਬਾਂਸਲ , ਮੀਤ ਸਕਰੌਦੀ , ਜੱਗੀ ਧੂਰੀ , ਅਸ਼ੋਕ ਭੰਡਾਰੀ , ਮਨਦੀਪ ਸਿੰਘ ਕਾਜਲ , ਸੁਖਵਿੰਦਰ ਲੋਟੇ , ਅਕਾਸ਼ ਪ੍ਰੀਤ ਸਿੰਘ ਬਾਜਵਾ , ਸਰਬਜੀਤ ਸੰਗਰੂਰਵੀ , ਅਮਰ ਗਰਗ ਕਲਮਦਾਨ , ਅਜਾਇਬ ਸਿੰਘ ਕੋਮਲ , ਬਲਜਿੰਦਰ ਬੱਲੀ , ਪਵਨ ਕੁਮਾਰ ਹੋਸ਼ੀ , ਗੁਰਮੀਤ ਸੋਹੀ , ਪੇਂਟਰ ਸੁਖਦੇਵ ਸਿੰਘ , ਰਣਜੀਤ ਆਜ਼ਾਦ ਕਾਂਝਲਾ , ਮਨਜੀਤ ਸਿੰਘ ਰਾਜੋਮਾਜਰਾ , ਕੁਲਵਿੰਦਰ ਕੌਰ ਕਾਜਲ , ਮਨਜੀਤ ਕੌਰ ਸੰਧੂ ਅਤੇ ਜਗਸੀਰ ਸਿੰਘ ਮੂਲੋਵਾਲ ਨੇ ਆਪੋ ਆਪਣੀਆਂ ਸੱਜਰੀਆਂ ਅਤੇ ਚੋਣਵੀਆਂ ਰਚਨਾਵਾਂ ਨਾਲ਼ ਖ਼ੂਬ ਰੰਗ ਬੰਨ੍ਹਿਆਂ ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
ਲਾਇਸੰਸ ਨੰ: B-1303/PUN/PER/1000+/5/9437/2018
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes
Offering 20+ Programmes
Management | Commerce | Information Technology | Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
64 YEARS EDUCATIONAL EXCELLENCE
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com